Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
+91-98888 88887, 98888 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes (MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 117 Chief Editor : Chowdhary Prabhjit Singh, Editor : Chhatarpal Singh 98146-32807, Friday 23 October 2026 Price : 2 Rs. 

## ਆਪ ਸਰਕਾਰ ਨੌਂ ਮਿੰਟਾਂ ਵਿੱਚ ਸੈਸ਼ਨ ਖਤਮ ਕਰਕੇ ਚਰਚਾ ਤੋਂ ਭੱਜੀ: ਪਰਗਟ ਸਿੰਘ; ਕਾਂਗਰਸ ਨੇ ਮੁੱਖ ਮੰਤਰੀ ਤੋਂ ਅਸਤੀਫ਼ਾ ਮੰਗਿਆ

**ਚੰਡੀਗੜ੍ਹ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਵਿਧਾਨ ਸਭਾ ਦਾ ਇਜਲਾਸ ਅੱਜ ਸ਼ੁਰੂ ਹੋ ਗਿਆ ਹੈ। ਵਿਧਾਨ ਸਭਾ ਦਾ ਇਜਲਾਸ ਸ਼ੁਰੂ ਹੁੰਦਿਆਂ ਹੀ ਵਿਛੜੀਆਂ ਰੂਹਾਂ ਨੂੰ ਸਰਧਾਂਜਲੀ ਭੇਟ ਕੀਤੀ। ਇਸ ਮੌਕੇ ਸਾਬਕਾ ਮੰਤਰੀ ਚੁੰਨੀ ਲਾਲ ਭਗਤ, ਸਾਬਕਾ ਸੰਸਦ ਮੈਂਬਰ ਵਰਿੰਦਰ ਸਿੰਘ ਬਾਜਵਾ, ਸਾਬਕਾ ਵਿਧਾਇਕ ਰਣਜੀਤ ਸਿੰਘ ਅਤੇ ਉੱਘੇ ਡਾਕਟਰ ਰਤਨ ਲਾਲ ਮਿੱਤਲ ਅਤੇ ਨਸ਼ਾ ਵਿਰੋਧੀ ਕਾਰਕੂਨ ਪਰਵਿੰਦਰ ਸਿੰਘ ਝੋਟਾ ਨੂੰ ਸ਼ਰਧਾਂਜਲੀ ਦਿੱਤੀ ਗਈ। ਇਸ ਮੌਕੇ ਸੰਗਰੂਰ ਵਿਖੇ ਸੜਕ ਹਾਦਸੇ ਦੌਰਾਨ ਜਾਨ ਗਵਾਉਣ ਵਾਲੇ 8 ਮਗਨਰੇਗਾ ਕਾਮਿਆਂ ਅਤੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਦੀ ਮਾਤਾ ਵਿਦਿਆ ਦੇਵੀ ਨੂੰ ਵੀ ਸਰਧਾਂਜਲੀ ਭੇਟ ਕੀਤੀ ਗਈ। ਇਸ ਉਪਰੰਤ ਪੰਜਾਬ ਵਿਧਾਨ ਸਭਾ ਦੇ ਸਪੀਕਰ ਨੇ ਵਿਧਾਨ ਸਭਾ ਦੀ ਕਾਰਵਾਈ ਨੂੰ 23 ਅਕਤੂਬਰ ਸਵੇਰੇ 10 ਵਜੇ ਤੱਕ ਮੁਲਤਵੀ ਕੀਤਾ।



ਪੰਜਾਬ ਵਿਧਾਨ ਸਭਾ ਦਾ ਇਜਲਾਸ ਅਜਿਹੇ ਸਮੇਂ ਹੋ ਰਿਹਾ ਹੈ ਜਦੋਂ ਸਮੁੱਚੇ ਪੰਜਾਬ ਵਿੱਚ ਨਸ਼ਿਆਂ ਅਤੇ ਕਾਨੂੰਨ ਵਿਵਸਥਾ ਦੇ ਮੁੱਦੇ 'ਤੇ ਰੌਲਾ ਪਿਆ ਹੋਇਆ ਹੈ। ਇਨ੍ਹਾਂ ਮੁੱਦਿਆਂ 'ਤੇ ਕੇਂਦਰ ਅਤੇ ਸੂਬਾ ਸਰਕਾਰ ਦਰਮਿਆਨ ਟਕਰਾਅ ਵੀ ਸਿਖਰ 'ਤੇ ਹੈ। ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਕਤਲ ਕੇਸ 'ਚ ਇਨਸਾਫ਼ ਦੀ ਮੰਗ ਲਈ ਮਾਨਸਾ ਵਿੱਚ ਲੋਕ ਸੜਕਾਂ 'ਤੇ ਹਨ।

ਇਸ ਦੌਰਾਨ ਅਬੋਹਰ ਵਿੱਚ ਪਿਛਲੇ ਦਿਨੀਂ ਅਜੈ ਨਾਮ ਦੇ ਨੌਜਵਾਨ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਉਸ ਪੀੜਿਤ ਪਰਿਵਾਰ ਨੂੰ ਇਨਸਾਫ ਦਵਾਉਣ ਲਈ ਅੱਜ ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਅਤੇ ਅਸ਼ਵਨੀ ਸ਼ਰਮਾ ਮ੍ਰਿਤਕ ਦੀ ਮਾਤਾ ਮੰਜੂ ਅਤੇ ਭੈਣ ਸਿਮਰਨਜੋਤ ਨੂੰ ਨਾਲ ਲੈ ਕੇ ਵਿਧਾਨ ਸਭਾ ਪਹੁੰਚੇ ਹਨ। ਕਾਂਗਰਸੀ ਵਿਧਾਇਕਾਂ ਨੇ ਵਿਧਾਨ ਸਭਾ ਕੰਪਲੈਕਸ ਦੇ ਬਾਹਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕਿਆ ਅਤੇ ਆਪ ਸਰਕਾਰ 'ਤੇ ਗੈਂਗਸਟਰਵਾਦ ਅਤੇ ਨਜਾਇਜ਼ ਨਸ਼ਾ ਤਸਕਰੀ ਨੂੰ ਰੋਕਣ ਵਿੱਚ ਨਾਕਾਮ ਰਹਿਣ ਦੇ ਦੋਸ਼ ਲਗਾਏ। ਪ੍ਰਦਰਸ਼ਨ ਦੌਰਾਨ ਪੰਜਾਬ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੀ ਮੌਜੂਦ ਸਨ। ਪੰਜਾਬ ਦੇ ਅਬੋਹਰ ਵਿੱਚ ਪਿਛਲੇ ਦਿਨੀਂ ਅਜੈ ਨਾਮ ਦੇ ਨੌਜਵਾਨ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਉਸ ਪੀੜਿਤ ਪਰਿਵਾਰ ਨੂੰ ਇਨਸਾਫ ਦਵਾਉਣ ਲਈ ਅੱਜ ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਅਤੇ ਅਸ਼ਵਨੀ ਸ਼ਰਮਾ ਮ੍ਰਿਤਕ ਦੀ ਮਾਤਾ ਮੰਜੂ ਅਤੇ ਭੈਣ ਸਿਮਰਨਜੋਤ ਨੂੰ ਨਾਲ ਲੈ ਕੇ ਵਿਧਾਨ ਸਭਾ ਪਹੁੰਚੇ ਹਨ। ਜਿਨ੍ਹਾਂ ਨੇ ਵਿਧਾਨ ਸਭਾ ਦੇ ਬਾਹਰ ਸੂਬਾ ਸਰਕਾਰ ਦੀ ਘੇਰਾਬੰਦੀ ਕੀਤੀ ਇਸ ਦੇ ਨਾਲ ਹੀ ਉਕਤ ਕਤਲ ਵਿੱਚ ਸ਼ਾਮਲ ਮੁਲਜ਼ਮਾਂ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ। ਮ੍ਰਿਤਕ ਅਜੇ ਦੀ ਮਾਤਾ ਮੰਜੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅਜੇ ਕੁਮਾਰ 'ਤੇ 27 ਸਤੰਬਰ ਨੂੰ ਗੋਲੀਆਂ ਮਾਰ ਕੇ ਹਮਲਾ ਕਰ ਦਿੱਤਾ ਸੀ ਜਿਸ ਦੀ ਇਲਾਜ ਦੌਰਾਨ ਡੀਐਮਸੀ ਲੁਧਿਆਣਾ ਵਿੱਚ ਮੌਤ ਹੋ ਗਈ। ਉਹਨਾਂ ਕਿਹਾ ਕਿ ਅਜੇ ਨੇ ਮੌਤ ਤੋਂ ਪਹਿਲਾਂ ਪੁਲੀਸ ਕੋਲ ਆਪਣੇ ਬਿਆਨ ਦਰਜ ਕਰਵਾਏ ਸੀ ਇਸ ਦੇ ਬਾਵਜੂਦ ਪੁਲੀਸ ਵੱਲੋਂ ਕਾਤਲਾਂ ਨੂੰ ਹਾਲੇ ਤੱਕ ਗ੍ਰਿਫਤਾਰ ਨਹੀਂ ਕੀਤਾ ਗਿਆ। ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਪੰਜਾਬ ਪੁਲੀਸ ਵੱਲੋਂ ਬਿਆਨ ਦਰਜ ਕਰਵਾਉਣ ਦੇ ਬਾਵਜੂਦ ਹਮਲਾਵਰਾਂ ਨੂੰ ਗ੍ਰਿਫਤਾਰ ਨਹੀਂ ਕੀਤਾ ਜਾ ਰਿਹਾ ਹੈ, ਜੋ ਕਿ ਬਹੁਤ ਹੀ ਨਿੰਦਨਯੋਗ ਹੈ। ਉਨ੍ਹਾਂ ਕਿਹਾ ਕਿ ਉਹ ਜਦੋਂ ਤੱਕ ਪੰਜਾਬ ਵਿਧਾਨ ਸਭਾ ਦਾ ਇਜਲਾਸ ਚੱਲ ਰਿਹਾ ਹੈ। ਉਦੋਂ ਤੱਕ ਪੀੜਿਤ ਪਰਿਵਾਰ ਨੂੰ ਲੈ ਕੇ ਵਿਧਾਨ ਸਭਾ ਦੇ ਬਾਹਰ ਆਉਣਗੇ ਅਤੇ ਪੀੜਿਤ ਨੂੰ ਇਨਸਾਫ਼ ਦਵਾਉਣ ਲਈ ਆਵਾਜ਼ ਬੁਲੰਦ ਕਰਨਗੇ। ਜੇ ਫਿਰ ਵੀ ਪੰਜਾਬ ਸਰਕਾਰ ਨੇ ਪੀੜਿਤ ਪਰਿਵਾਰ ਦੀ ਸੁਣਵਾਈ ਨਾ ਕੀਤੀ ਤਾਂ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ।ਜਾਬ ਵਿਧਾਨ ਸਭਾ ਦੇ ਅੱਜ ਤੋਂ ਸ਼ੁਰੂ ਹੋ ਰਹੇ ਇਜਲਾਸ ਦੌਰਾਨ ਵਿਰੋਧੀ ਧਿਰ ਵੱਲੋਂ ਸਰਕਾਰ ਨੂੰ ਘੇਰਨ ਲਈ ਪੂਰੀ ਤਿਆਰੀ ਕਰ ਲਈ ਗਈ ਹੈ। ਇਸ ਸਬੰਧੀ ਪੰਜਾਬ ਕਾਂਗਰਸ ਪ੍ਰਧਾਨ ਪਰਗਟ ਸਿੰਘ ਨੇ ਟਵੀਟ ਕਰਦਿਆਂ ਕਿਹਾ ਕਿ ਇਜਲਾਸ ਦੀ ਸ਼ੁਰੂਆਤ ਵਿੱਚ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਭੇਟ ਕਰਨ ਦੌਰਾਨ, ਸਭ ਤੋਂ ਪਹਿਲਾਂ ਨਸ਼ਾ ਵਿਰੋਧੀ ਕਾਰਕੁਨ ਸ਼ਹੀਦ ਪਰਵਿੰਦਰ ਸਿੰਘ ਝੋਟਾ ਅਤੇ ਲਹਿਰਾਗਾਗਾ ਵਿਖੇ ਆਪਣੀ ਜਾਨ ਗਵਾਉਣ ਵਾਲੇ ਗਰਭਵਤੀ ਔਰਤ ਸਮੇਤ 8 ਮਨਰੇਗਾ (MGNREGA) ਮਜ਼ਦੂਰਾਂ ਨੂੰ ਸ਼ਰਧਾਂਜਲੀ ਦੇਣ ਦੀ ਮੰਗ ਕੀਤੀ ਜਾਵੇਗੀ। ਇਸ ਤੋਂ ਬਾਅਦ ਪੂਰੇ ਸੈਸ਼ਨ ਦੌਰਾਨ ਸੂਬੇ ਵਿੱਚ ਵਿਗੜ ਰਹੀ ਕਾਨੂੰਨ ਵਿਵਸਥਾ ਅਤੇ ਨਸ਼ਿਆਂ ਦੇ ਮੁੱਦੇ 'ਤੇ ਸਰਕਾਰ ਖ਼ਿਲਾਫ਼ ਮੋਰਚਾ ਖੋਲ੍ਹਿਆ ਜਾਵੇਗਾ। ਗ੍ਰਹਿ ਮੰਤਰੀ ਵਜੋਂ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਵਿੱਚ ਪੂਰੀ ਤਰ੍ਹਾਂ ਨਾਕਾਮ ਰਹਿਣ ਦੇ ਦੋਸ਼ ਲਗਾਉਂਦੇ ਹੋਏ ਵਿਰੋਧੀ ਧਿਰ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੇ ਅਸਤੀਫ਼ੇ ਦੀ ਜ਼ੋਰਦਾਰ ਮੰਗ ਕੀਤੀ ਜਾਵੇਗੀ।

ਪੰਜਾਬ ਕਾਂਗਰਸ ਨੇ ਅੱਜ ਵਿਧਾਨ ਸਭਾ ਦਾ ਇਜਲਾਸ ਸਿਰਫ ਨੌ ਮਿੰਟਾਂ ਵਿੱਚ ਖਤਮ ਕਰਨ ਲਈ ਸੂਬਾ ਸਰਕਾਰ ਦੀ ਘੇਰਿਆ ਹੈ। ਇਸ ਦੇ ਨਾਲ ਹੀ ਆਗੂਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੇ ਅਸਤੀਫ਼ੇ ਦੀ ਮੰਗ ਕੀਤੀ।

## ਵਿਕਾਸ, ਤਕਨਾਲੋਜੀ ਅਤੇ ਨਵੀਨਤਾ ਦੇ ਮਹੱਤਵਪੂਰਨ ਕੇਂਦਰਾਂ ਵਜੋਂ ਉੱਭਰ ਰਹੇ ਹਨ ਭਾਰਤ ਅਤੇ ਪੋਲੈਂਡ : ਪ੍ਰਧਾਨ ਮੰਤਰੀ ਮੋਦੀ

**ਨਵੀਂ ਦਿੱਲੀ, 23 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਉੱਚ-ਪੱਧਰੀ ਦੁਵੱਲੀ ਗੱਲਬਾਤ ਤੋਂ ਬਾਅਦ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਪੋਲੈਂਡ ਦੇ ਪ੍ਰਧਾਨ ਮੰਤਰੀ ਡੋਨਾਲਡ ਟਸਕ ਨੇ ਹੈਦਰਾਬਾਦ ਹਾਊਸ ਵਿਖੇ ਇਕ ਸਾਂਝਾ ਪ੍ਰੈੱਸ ਬਿਆਨ ਦਿੱਤਾ।
ਪ੍ਰਧਾਨ ਮੰਤਰੀ ਮੋਦੀ ਨੇ ਕਿਹਾ, ÷ਅੱਜ ਦੁਨੀਆ ਅਨਿਸ਼ਚਿਤਤਾ ਅਤੇ ਬਦਲਾਅ ਦੇ ਦੌਰ ਵਿਚੋਂ ਲੰਘ ਰਹੀ ਹੈ। ਅਜਿਹੇ ਸਮੇਂ ਵਿਚ ਵੀ, ਭਾਰਤ ਅਤੇ ਪੋਲੈਂਡ ਵਿਕਾਸ, ਤਕਨਾਲੋਜੀ ਅਤੇ ਨਵੀਨਤਾ (ਇਨੋਵੇਸ਼ਨ) ਦੇ ਮਹੱਤਵਪੂਰਨ ਕੇਂਦਰਾਂ ਵਜੋਂ ਉੱਭਰ ਰਹੇ ਹਨ। ਪੋਲੈਂਡ ਦੀ ਜੀ.ਡੀ.ਪੀ. ਨੇ 1 ਟ੍ਰਿਲੀਅਨ ਡਾਲਰ ਦੇ ਇਤਿਹਾਸਕ ਪੜਾਅ ਨੂੰ ਪਾਰ ਕਰ ਲਿਆ ਹੈ। ਮੈਂ ਇਸ ਲਈ ਪ੍ਰਧਾਨ ਮੰਤਰੀ ਟਸਕ ਨੂੰ ਵਧਾਈ ਦਿੰਦਾ ਹਾਂ। ਭਾਰਤ ਨੇ ਵੀ ਪਿਛਲੀ ਤਿਮਾਹੀ ਵਿੱਚ 7.8% ਦੀ ਸ਼ਾਨਦਾਰ ਵਿਕਾਸ ਦਰ ਦਰਜ ਕੀਤੀ ਹੈ। ਦੋਵਾਂ ਦੇਸ਼ਾਂ ਦੀ ਵਧਦੀ ਆਰਥਿਕ ਤਾਕਤ ਭਾਰਤ-ਪੋਲੈਂਡ ਭਾਈਵਾਲੀ ਲਈ ਨਵੇਂ ਮੌਕੇ ਪੈਦਾ ਕਰਦੀ ਹੈ। ਭਾਰਤ-ਯੂਰਪੀ ਸੰਘ ਮੁਕਤ ਵਪਾਰ ਸਮਝੌਤੇ ਨੇ ਇਨ੍ਹਾਂ ਸੰਭਾਵਨਾਵਾਂ ਨੂੰ ਹੋਰ ਮਜ਼ਬੂਤ ??ਕੀਤਾ ਹੈ। ਇਕ ਵਾਰ ਜਦੋਂ ਇਹ ਸਮਝੌਤਾ ਲਾਗੂ ਹੋ ਜਾਂਦਾ ਹੈ, ਤਾਂ ਇਹ ਭਾਰਤ ਤੋਂ ਪੋਲੈਂਡ ਨੂੰ ਮਸ਼ੀਨਰੀ, ਰਸਾਇਣਾਂ, ਪਲਾਸਟਿਕ ਅਤੇ ਇੰਜੀਨੀਅਰਿੰਗ ਵਸਤਾਂ ਦੀ ਬਰਾਮਦ ਲਈ ਨਵੇਂ ਮੌਕੇ ਖੋਲ੍ਹ ਦੇਵੇਗਾ। ਇਸ ਦੇ ਨਾਲ ਹੀ, ਉੱਨਤ ਨਿਰਮਾਣ (ਐਡਵਾਂਸਡ ਮੈਨੂਫੈਕਚਰਿੰਗ), ਫੂਡ ਪ੍ਰੋਸੈਸਿੰਗ, ਬਾਇਓਟੈਕਨਾਲੋਜੀ, ਅਤੇ ਰੇਲਵੇ ਤੇ ਗਤੀਸ਼ੀਲਤਾ (ਮੋਬਿਲਿਟੀ) ਵਰਗੇ ਖੇਤਰ ਪੋਲੈਂਡ ਤੋਂ ਨਿਵੇਸ਼ ਨੂੰ ਆਕਰਸ਼ਿਤ ਕਰਨਗੇ।
ਉਨ੍ਹਾਂ ਅੱਗੇ ਕਿਹਾ, ਮੈਨੂੰ ਖਾਸ ਤੌਰ 'ਤੇ ਖੁਸ਼ੀ ਹੈ ਕਿ ਪ੍ਰਧਾਨ ਮੰਤਰੀ ਆਪਣੇ ਨਾਲ ਇਕ ਵੱਡਾ ਵਪਾਰਕ ਵਫ਼ਦ ਲੈ ਕੇ ਆਏ ਹਨ। ਸਾਨੂੰ ਪੂਰਾ ਭਰੋਸਾ ਹੈ ਕਿ ਦੋਵਾਂ ਦੇਸ਼ਾਂ ਦੀਆਂ ਕੰਪਨੀਆਂ ਮਿਲ ਕੇ ਦੁਨੀਆ ਲਈ ਭਰੋਸੇਯੋਗ ਸਪਲਾਈ ਚੇਨ ਵਿਕਸਿਤ ਕਰਨਗੀਆਂ ਅਤੇ 2030 ਲਈ ਦੁਵੱਲੇ ਵਪਾਰ ਦੇ ਸਾਡੇ ਸਾਂਝੇ ਟੀਚੇ ਨੂੰ ਵੀ ਪੂਰਾ ਕਰਨਗੀਆਂ।

## ਪਰਵਿੰਦਰ ਸਿੰਘ ਝੋਟਾ ਦੇ ਨਾਲ ਜ਼ਖਮੀ ਹੋਏ ਸਾਥੀਆਂ ਨੂੰ ਐੱਸਜੀਪੀਸੀ ਨੇ ਸੌਂਪੇ 5-5 ਲੱਖ ਦੇ ਚੈੱਕ

### ਨਸ਼ਿਆਂ ਵਿਰੁੱਧ ਲੜਨ ਵਾਲੇ ਕੌਮੀ ਯੋਧਿਆਂ ਦੀ ਪਿੱਠ 'ਤੇ ਚੱਟਾਨ ਵਾਂਗ ਖੜ੍ਹੀ ਹੈ ਸਿੱਖ ਸੰਸਥਾ: ਗਿਆਨੀ ਟੇਕ ਸਿੰਘ

**ਮਾਨਸਾ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਦਿਆਂ ਸ਼ਹਾਦਤ ਪ੍ਰਾਪਤ ਕਰਨ ਵਾਲੇ ਪਰਵਿੰਦਰ ਸਿੰਘ ਝੋਟਾ ਦੇ ਨਾਲ ਜ਼ਖ਼ਮੀ ਹੋਏ ਨੌਜਵਾਨਾਂ ਦੀ ਸਹਾਇਤਾ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਵੱਲੋਂ ਮਾਲੀ ਸਹਾਇਤਾ ਦਿੱਤੀ ਗਈ ਹੈ। ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਕੀਤੇ ਐਲਾਨ ਨੂੰ ਅਮਲੀ ਰੂਪ ਵਿੱਚ ਪੂਰਾ ਕਰਦਿਆਂ ਅੱਜ ਸ਼੍ਰੋਮਣੀ ਕਮੇਟੀ ਵੱਲੋਂ ਚਾਰ ਨੌਜਵਾਨਾਂ ਨੂੰ 5-5 ਲੱਖ ਰੁਪਏ ਦੀ ਮਾਲੀ ਸਹਾਇਤਾ ਦੇ ਚੈੱਕ ਸੌਂਪੇ ਗਏ। ਇਹ ਚੈੱਕ ਅੱਜ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ, ਅੰਤਰਿੰਗ ਕਮੇਟੀ ਮੈਂਬਰ ਗੁਰਪ੍ਰੀਤ ਸਿੰਘ ਝੱਬਰ ਤੇ ਮੀਤ ਸਕੱਤਰ ਆਜ਼ਾਦਦੀਪ ਸਿੰਘ ਨੇ ਜ਼ਖ਼ਮੀ ਨੌਜਵਾਨਾਂ ਨੂੰ ਮਿਲ ਕੇ ਸੌਂਪੇ। ਇਸ ਮੌਕੇ ਸ਼ਹੀਦ ਭਾਈ ਪਰਵਿੰਦਰ ਸਿੰਘ ਦੇ ਪਿਤਾ ਬਾਪੂ ਭੀਮ ਸਿੰਘ ਵੀ ਮੌਜੂਦ ਸਨ।

ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਨਸ਼ਿਆਂ ਦੇ ਕਾਰੋਬਾਰ ਵਿਰੁੱਧ ਆਵਾਜ਼ ਉਠਾਉਣ ਸਮੇਂ ਵਾਪਰੀ ਘਟਨਾ ਦੌਰਾਨ ਪਰਵਿੰਦਰ ਸਿੰਘ ਝੋਟਾ ਸ਼ਹਾਦਤ ਪ੍ਰਾਪਤ ਕਰ ਗਏ ਸਨ, ਜਦਕਿ ਉਨ੍ਹਾਂ ਦੇ ਚਾਰ ਸਾਥੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ ਸਨ। ਇਸ ਦੁਖਦਾਈ ਘਟਨਾ ਤੋਂ ਬਾਅਦ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਨੇ ਪੀੜਤ ਪਰਿਵਾਰਾਂ ਨਾਲ ਮੁਲਾਕਾਤ ਕਰਕੇ ਦੁੱਖ ਸਾਂਝਾ ਕੀਤਾ ਸੀ ਅਤੇ ਜ਼ਖ਼ਮੀ ਨੌਜਵਾਨਾਂ ਦੇ ਇਲਾਜ ਅਤੇ ਸਹਾਇਤਾ ਲਈ ਮਾਲੀ ਮਦਦ ਦੇਣ ਦਾ ਐਲਾਨ ਕੀਤਾ ਸੀ। ਇਸ ਤਹਿਤ ਅੱਜ ਜ਼ਖ਼ਮੀਆਂ ਨੂੰ 5-5 ਲੱਖ ਰੁਪਏ ਸਹਾਇਤਾ ਰਾਸ਼ੀ ਦੇ ਚੈੱਕ ਸੌਂਪੇ ਗਏ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਨੇ ਕਿਹਾ ਕਿ ਨੌਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਹਿੰਮਤ ਨਾਲ ਆਵਾਜ਼ ਉਠਾਉਣ ਵਾਲੇ ਪਰਵਿੰਦਰ ਸਿੰਘ ਦੀ ਕੁਰਬਾਨੀ ਸਮੁੱਚੀ ਕੌਮ ਲਈ ਪ੍ਰੇਰਨਾ ਸਰੋਤ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਵਰਗੀ ਸਮਾਜਿਕ ਬੁਰਾਈ ਵਿਰੁੱਧ ਸੰਘਰਸ਼ ਕਰਨਾ ਸਮੇਂ ਦੀ ਵੱਡੀ ਲੋੜ ਹੈ ਅਤੇ ਇਸ ਦਿਸ਼ਾ ਵਿੱਚ ਯਤਨ ਕਰਨ ਵਾਲੇ ਨੌਜਵਾਨਾਂ ਦੇ ਨਾਲ ਖੜ੍ਹਨਾ ਸਾਰਿਆਂ ਦਾ ਫ਼ਰਜ਼ ਹੈ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੁੱਖ ਦੀ ਇਸ ਘੜੀ ਵਿੱਚ ਪੀੜਤ ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਖੜ੍ਹੀ ਹੈ। ਸਮਾਜ ਵਿਰੋਧੀ ਅਨਸਰਾਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਨੌਜਵਾਨਾਂ ਨੂੰ ਇਕੱਲੇ ਮਹਿਸੂਸ ਨਹੀਂ ਹੋਣ ਦਿੱਤਾ ਜਾਵੇਗਾ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਉਨ੍ਹਾਂ ਨੂੰ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ। ਉਨ੍ਹਾਂ ਜ਼ਖ਼ਮੀ ਨੌਜਵਾਨਾਂ ਦੀ ਜਲਦ ਸਿਹਤਯਾਬੀ ਲਈ ਅਰਦਾਸ ਕਰਦਿਆਂ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਦੀ ਕੁਰਬਾਨੀ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਪ੍ਰੇਰਨਾ ਦਿੰਦੀ ਰਹੇਗੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤਰਿੰਗ ਕਮੇਟੀ ਮੈਂਬਰ ਗੁਰਪ੍ਰੀਤ ਸਿੰਘ ਝੱਬਰ, ਮੀਤ ਸਕੱਤਰ ਆਜ਼ਾਦਦੀਪ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਮੈਨੇਜਰ ਨਰਿੰਦਰਜੀਤ ਸਿੰਘ ਭਵਾਨੀਗੜ੍ਹ, ਮੈਨੇਜਰ ਮਨਦੀਪ ਸਿੰਘ ਮਾਖਾ ਅਤੇ ਰਜਿੰਦਰ ਸਿੰਘ ਸਮੇਤ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ।

## ਪੰਜਾਬ ਵਿੱਚ ਐੱਨ ਡੀ ਏ ਦੀ ਸਰਕਾਰ ਬਣੇਗੀ: ਅਮਿਤ ਸ਼ਾਹ

### ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸਾਲ 2029 ਤੱਕ ਪੰਜਾਬ ਵਿੱਚੋਂ ਨਸ਼ਿਆਂ ਦਾ ਖਾਤਮਾ ਕਰਨ ਦਾ ਕੀਤਾ ਦਾਅਵਾ

**ਨਵੀਂ ਦਿੱਲੀ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਵਿੱਚ ਅਕਾਲੀ ਦਲ ਅਤੇ ਭਾਜਪਾ ਦੇ ਗਠਜੋੜ ਨੂੰ ਲੈ ਕੇ ਚੱਲ ਰਹੀਆਂ ਚਰਚਾਵਾਂ ਦੌਰਾਨ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਦੌਰੇ ਤੋਂ ਦੋ ਦਿਨ ਬਾਅਦ ਦਾਅਵਾ ਕੀਤਾ ਕਿ ਪੰਜਾਬ ਵਿੱਚ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਐੱਨ ਡੀ ਏ ਗਠਜੋੜ ਸਰਕਾਰ ਬਣਾਵੇਗਾ।

ਇਸ ਗੱਲ ਦਾ ਪ੍ਰਗਟਾਵਾ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਦਿੱਲੀ ਵਿਖੇ ਇੱਕ ਸਮਾਗਮ ਦੌਰਾਨ ਆਮ ਆਦਮੀ ਪਾਰਟੀ ਉੱਥੇ ਤਿੱਖੇ ਹਮਲੇ ਕਰਦਿਆਂ ਕੀਤਾ ਹੈ।
ਅਮਿਤ ਸ਼ਾਹ ਨੇ ਕਿਹਾ ਕਿ ਦੋ ਦਿਨ ਪਹਿਲਾਂ ਉਹ ਪੰਜਾਬ ਦਾ ਦੌਰਾ ਕਰਕੇ ਆਏ ਹਨ, ਜਿੱਥੇ ਆਮ ਆਦਮੀ ਪਾਰਟੀ ਦੀ ਸਰਪਰਸਤੀ ਹੇਠ ਨਸ਼ਿਆਂ ਦਾ ਕਾਰੋਬਾਰ ਵੱਡੇ ਪੱਧਰ ਤੇ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਮਨ ਬਣਾ ਲਿਆ ਹੈ ਕਿ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਐੱਨ ਡੀ ਏ ਗਠਚੋੜ ਸਰਕਾਰ ਬਣਾਵੇਗਾ। ਅਮਿਤ ਸ਼ਾਹ ਨੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਉੱਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਹੁਣ ਬਹਾਨੇ ਦੀ ਰਾਜਨੀਤੀ ਨਹੀਂ ਚੱਲੇਗੀ ਅਤੇ ਕਿਹਾ, "ਕੇਜਰੀਵਾਲ ਨੇ ਦਿੱਲੀ ਵਿੱਚ ਚੋਣਾਂ ਹਾਰ ਕੇ ਪੰਜਾਬ ਵਿੱਚ ਡੇਰਾ ਜਮਾ ਲਿਆ ਹੈ। ਜਿੱਥੇ ਉਹ ਪੰਜਾਬ ਦੇ ਮੁੱਖ ਮੰਤਰੀ ਨੂੰ ਵੀ ਕੰਮ ਨਹੀਂ ਕਰਨ ਦੇ ਰਹੇ ਅਤੇ ਪੰਜਾਬ ਦਾ ਕੰਮ ਵੀ ਵਿਗਾੜ ਕੇ ਰੱਖ ਦਿੱਤਾ ਹੈ।" ਉਨ੍ਹਾਂ ਦਾਅਵਾ ਕੀਤਾ ਕਿ ਆਮ ਆਦਮੀ ਪਾਰਟੀ ਦਾ ਸੁਪੜਾ ਸਾਫ ਹੋਣ ਵਾਲਾ ਹੈ ਅਤੇ ਭਾਜਪਾ ਵੱਲੋਂ ਸਾਲ 2029 ਤੱਕ ਪੰਜਾਬ ਵਿੱਚੋਂ ਨਸ਼ਿਆਂ ਦਾ ਜੜ ਤੋਂ ਖਾਤਮਾ ਕੀਤਾ ਜਾਵੇਗਾ।
ਜ਼ਿਕਰਯੋਗ ਹੈ ਕਿ ਪੰਜਾਬ ਵਿਧਾਨ ਸਭਾ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ ਅਤੇ ਸਾਰੀਆਂ ਹੀ ਰਾਜਨੀਤਿਕ ਪਾਰਟੀਆਂ ਦੀਆਂ ਨਜ਼ਰਾਂ ਵਿੱਚ ਹੁਣ ਪੰਜਾਬ ਪੰਜਾਬ ਪ੍ਰਮੁੱਖ ਬਣਿਆ ਹੋਇਆ ਹੈ।
ਇਸੇ ਦੌਰਾਨ ਸਾਰੀਆਂ ਰਾਜਨੀਤਿਕ ਪਾਰਟੀਆਂ ਵੱਲੋਂ ਪੰਜਾਬ ਵਿੱਚ ਨਸ਼ਿਆਂ ਅਤੇ ਅਮਨ ਤੇ ਕਾਨੂੰਨ ਦੀ ਸਥਿਤੀ ਦੇ ਮੁੱਦੇ ਉੱਤੇ ਵੱਡੇ ਪੱਧਰ ਤੇ ਸਿਆਸਤ ਕੀਤੀ ਜਾ ਰਹੀ ਹੈ। ਜਿਸ ਦੇ ਮੱਦੇਨਜ਼ਰ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਵੱਲੋਂ ਵੀ ਪੰਜਾਬ ਵਿੱਚ ਨਸ਼ਿਆਂ ਅਤੇ ਅਮਨ ਤੇ ਕਾਨੂੰਨ ਦੀ ਸਥਿਤੀ ਦੇ ਮੁੱਦੇ ਨੂੰ ਲੈ ਕੇ ਵਾਰ-ਵਾਰ ਆਮ ਆਦਮੀ ਪਾਰਟੀ ਉੱਥੇ ਤਿੱਖੇ ਹਮਲੇ ਕੀਤੇ ਜਾ ਰਹੇ ਹਨ। ਇਸ ਤੋਂ ਪਹਿਲਾਂ ਪੰਜਾਬ ਦੌਰੇ ਤੇ ਆਏ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨਾਲ ਵੀ ਮੁਲਾਕਾਤ ਵੀ ਕਰਕੇ ਗਏ ਹਨ। ਇਸ ਤੋਂ ਸਪਸ਼ਟ ਹੈ ਕਿ ਭਾਜਪਾ ਵੱਲੋਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਜ਼ੋਰ ਸ਼ੋਰ ਨਾਲ ਪ੍ਰਚਾਰ ਕਰਨ ਦੀ ਤਿਆਰੀ ਖਿੱਜੀ ਜਾ ਰਹੀ ਹੈ।

## ਆਪ ਦੀਆਂ ਜੜ੍ਹਾਂ ਪੁੱਟ ਦੇਵੇਗਾ ਤੇ ਕਾਂਗਰਸ 30 ਸਾਲ ਤੱਕ ਸੱਤਾ 'ਚ ਨਹੀਂ ਆਵੇਗੀ: ਅਮਿਤ ਸ਼ਾਹ

### ਗ੍ਰਹਿ ਮੰਤਰੀ ਨੇ 'ਵੋਟ ਚੋਰੀ' ਦੇ ਦੋਸ਼ਾਂ ਨੂੰ ਘੁਸਪੈਠੀਆਂ ਨਾਲ ਜੋੜਿਆ; ਦਿੱਲੀ 'ਚ 8,941 ਕਰੋੜ ਰੁਪਏ ਦੇ ਯਮੁਨਾ ਪ੍ਰੋਜੈਕਟਾਂ ਦੀ ਕੀਤੀ ਸ਼ੁਰੂਆਤ

**ਨਵੀਂ ਦਿੱਲੀ, 23 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀਰਵਾਰ ਨੂੰ ਕਾਂਗਰਸ ਅਤੇ ਆਮ ਆਦਮੀ ਪਾਰਟੀ 'ਤੇ ਤਿੱਖਾ ਹਮਲਾ ਬੋਲਦਿਆਂ ਭਵਿੱਖਬਾਣੀ ਕੀਤੀ ਕਿ ਕਾਂਗਰਸ ਆਪਣੀ ਨਕਾਰਾਤਮਕ ਰਾਜਨੀਤੀ ਕਾਰਨ ਅਗਲੇ 30 ਸਾਲਾਂ ਤੱਕ ਸੱਤਾ ਤੋਂ ਬਾਹਰ ਰਹੇਗੀ ਅਤੇ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਚਿਤਾਵਨੀ ਦਿੱਤੀ ਕਿ ਵੋਟਰ ਪੰਜਾਬ ਵਿੱਚੋਂ ਉਨ੍ਹਾਂ ਦੀ ਪਾਰਟੀ ਦੀ ਸਰਕਾਰ ਦੀਆਂ ਜੜ੍ਹਾਂ ਪੁੱਟ ਦੇਣਗੇ।

ਦਵਾਰਕਾ ਵਿੱਚ ਇੱਕ ਇਕੱਠ ਦੌਰਾਨ ਬੋਲਦਿਆਂ, ਸ਼ਾਹ ਨੇ ਕਾਂਗਰਸ ਨੇਤਾ ਰਾਹੁਲ ਗਾਂਧੀ 'ਤੇ ਵੋਟ ਚੋਰੀ ਦੇ ਦੋਸ਼ ਲਗਾਉਣ ਦਾ ਦੋਸ਼ ਲਗਾਇਆ। ਸ਼ਾਹ ਅਨੁਸਾਰ, ਰਾਹੁਲ ਗਾਂਧੀ ਅਜਿਹਾ ਉਸ 'ਵੋਟ ਬੈਂਕ' ਨੂੰ ਬਚਾਉਣ ਲਈ ਕਰ ਰਹੇ ਹਨ ਜਿਸ ਵਿੱਚ ਉਨ੍ਹਾਂ ਨੇ ਘੁਸਪੈਠੀਆਂ ਦੇ ਸ਼ਾਮਲ ਹੋਣ ਦਾ ਜ਼ਿਕਰ ਕੀਤਾ। ਉਨ੍ਹਾਂ ਨੇ ਭਾਰਤੀ ਚੋਣ ਕਮਿਸ਼ਨ ਦੀ ਨਿਰਪੱਖਤਾ 'ਤੇ ਕਾਂਗਰਸ ਵੱਲੋਂ ਵਾਰ-ਵਾਰ ਉਠਾਏ ਜਾ ਰਹੇ ਸਵਾਲਾਂ ਨੂੰ ਵੀ ਖਾਰਜ ਕਰ ਦਿੱਤਾ ਅਤੇ ਕਿਹਾ ਕਿ ਇਹ ਪਾਰਟੀ ਜਿੱਤਣ 'ਤੇ ਤਾਂ ਚੋਣ ਕਮਿਸ਼ਨ ਨੂੰ ਸਵੀਕਾਰ ਕਰ ਲੈਂਦੀ ਹੈ, ਪਰ ਹਾਰਨ 'ਤੇ ਉਸ 'ਤੇ ਦੋਸ਼ ਮੜ੍ਹ ਦਿੰਦੀ ਹੈ। ਸ਼ਾਹ ਨੇ ਕਿਹਾ, ਮੈਂ ਰਾਹੁਲ ਗਾਂਧੀ ਨੂੰ ਦੱਸਣਾ ਚਾਹੁੰਦਾ ਹਾਂ ਕਿ ਤੁਸੀਂ ਵੋਟ ਚੋਰੀ ਦੇ ਦੋਸ਼ ਲਗਾ ਕੇ ਘੁਸਪੈਠੀਆਂ ਦੀਆਂ ਵੋਟਾਂ ਬਚਾਉਣਾ ਚਾਹੁੰਦੇ ਹੋ ਅਤੇ ਉਨ੍ਹਾਂ ਦਲੀਲ ਦਿੱਤੀ ਕਿ ਨਰਿੰਦਰ ਮੋਦੀ ਦੇ ਪ੍ਰਧਾਨ ਮੰਤਰੀ ਬਣਨ ਤੋਂ ਬਹੁਤ ਪਹਿਲਾਂ ਕਈ ਰਾਜਾਂ ਵਿੱਚ ਕਾਂਗਰਸ ਦਹਾਕਿਆਂ ਤੱਕ ਸਰਕਾਰ ਤੋਂ ਬਾਹਰ ਰਹੀ ਸੀ। ਉਨ੍ਹਾਂ ਅੱਗੇ ਕਿਹਾ ਕਿ, ਜਿਸ ਤਰ੍ਹਾਂ ਤੁਸੀਂ ਨਕਾਰਾਤਮਕ ਰਾਜਨੀਤੀ ਕਰ ਰਹੇ ਹੋ... ਤੁਸੀਂ ਅਗਲੇ 30 ਸਾਲਾਂ ਵਿੱਚ ਵੀ ਚੋਣਾਂ ਨਹੀਂ ਜਿੱਤ ਸਕੋਗੇ, ਜਿੱਥੇ ਤੁਸੀਂ ਜਿੱਤਦੇ ਹੋ, ਚੋਣ ਕਮਿਸ਼ਨ ਵਧੀਆ ਕੰਮ ਕਰ ਰਿਹਾ ਹੁੰਦਾ ਹੈ, ਪਰ ਜਦੋਂ ਵੀ ਤੁਸੀਂ ਹਾਰਦੇ ਹੋ, ਚੋਣ ਕਮਿਸ਼ਨ ਨੂੰ ਦੋਸ਼ੀ ਮੰਨਿਆ ਜਾਂਦਾ ਹੈ। ਉਨ੍ਹਾਂ ਅੱਗੇ ਕਿਹਾ ਕਿ 2030 ਵਿੱਚ ਵੀ ਕਾਂਗਰਸ ਦੀ ਵਾਰੀ ਨਹੀਂ ਆਵੇਗੀ। ਕੇਜਰੀਵਾਲ 'ਤੇ ਹਮਲਾ ਬੋਲਦਿਆਂ ਸ਼ਾਹ ਨੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ 'ਤੇ ਰਾਜਧਾਨੀ ਵਿੱਚ ਬੁਨਿਆਦੀ ਨਾਗਰਿਕ ਸਮੱਸਿਆਵਾਂ ਨੂੰ ਹੱਲ ਕਰਨ ਵਿੱਚ ਨਾਕਾਮ ਰਹਿਣ ਦੇ ਨਾਲ-ਨਾਲ ਧਰਨਿਆਂ ਅਤੇ ਪ੍ਰਦਰਸ਼ਨਾਂ 'ਤੇ ਨਿਰਭਰ ਰਹਿਣ ਦਾ ਦੋਸ਼ ਲਗਾਇਆ। ਉਨ੍ਹਾਂ ਕਿਹਾ ਕਿ, ਲੋਕ ਪੰਜਾਬ ਵਿੱਚੋਂ 'ਆਪ' ਸਰਕਾਰ ਦੀਆਂ ਜੜ੍ਹਾਂ ਪੁੱਟ ਕੇ ਤੁਹਾਨੂੰ ਢੁਕਵਾਂ ਜਵਾਬ ਦੇਣਗੇ।" ਸ਼ਾਹ ਨੇ ਖਾਸ ਤੌਰ 'ਤੇ ਦਿੱਲੀ ਦੇ ਲੈਂਡਫਿਲ ਸਥਾਨਾਂ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਕੇਜਰੀਵਾਲ ਨੇ ਕੂੜੇ ਦੇ ਉੱਚੇ ਪਹਾੜਾਂ ਨੂੰ ਹਟਾਉਣ ਲਈ ਕੁਝ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰ ਇਨ੍ਹਾਂ ਡੰਪਾਂ ਨੂੰ ਸਾਫ਼ ਕਰਨ ਲਈ ਕੰਮ ਕਰ ਰਹਾ ਹੈ ਅਤੇ ਜਲਦੀ ਹੀ ਇਹ ਜਨਤਕ ਬਗੀਚਿਆਂ ਵਿੱਚ ਤਬਦੀਲ ਕਰ ਦਿੱਤੇ ਜਾਣਗੇ।

ਇਹ ਸਿਆਸੀ ਹਮਲੇ 8,941 ਕਰੋੜ ਰੁਪਏ ਦੇ ਦਿੱਲੀ ਜਲ ਬੋਰਡ ਦੇ 43 ਪ੍ਰੋਜੈਕਟਾਂ ਦੀ ਸ਼ੁਰੂਆਤ ਅਤੇ ਨੀਂਹ ਪੱਥਰ ਰੱਖਣ ਦੌਰਾਨ ਸਾਹਮਣੇ ਆਏ, ਜਿਨ੍ਹਾਂ ਦਾ ਉਦੇਸ਼ ਗੰਦੇ ਪਾਣੀ ਦੇ ਨਿਪਟਾਰੇ/ਸੋਧ (wastewater treatment), ਪੀਣ ਵਾਲੇ ਪਾਣੀ ਦੇ ਬੁਨਿਆਦੀ ਢਾਂਚੇ ਅਤੇ ਯਮੁਨਾ ਦੇ ਪੁਨਰੁਰੋਧਾਰ (rejuvenation) ਨੂੰ ਯਕੀਨੀ ਬਣਾਉਣਾ ਹੈ।




ਰੋਜ਼ਾਨਾ ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM PRINT & DIGITAL MEDIA
शहीद-ए-आजम
Shaheedeazamnewsnational.com

ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜਾਨਾ ਗੁਰਮਤਿ ਸਮਾਗਮ ਲਾਈਵ ਦੇਖੋ

ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ

ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ

ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ

ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ

YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam

ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।




# ਸਮੂਹਿਕ ਛੁੱਟੀ ਦੇ ਦੂਜੇ ਦਿਨ ਵੀ ਹਜ਼ਾਰਾਂ ਮੁਲਾਜ਼ਮਾਂ ਅਤੇ ਵੱਲੋਂ ਵਿਸ਼ਾਲ ਧਰਨਾ ਅਤੇ ਰੋਸ ਮਾਰਚ



**ਪਟਿਆਲਾ, 23 ਅਕਤੂਬਰ**
**-ਛਤਰਪਾਲ ਸਿੰਘ-**

ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਮੁਲਾਜ਼ਮ ਮੰਚ ਪੰਜਾਬ ਦੀ ਸਾਂਝੀ ਤਾਲਮੇਲ ਕਮੇਟੀ ਵੱਲੋਂ ਆਪਣੀ ਮੰਗਾਂ ਦੇ ਹੱਕ ਵਿੱਚ ਅਤੇ ਪੰਜਾਬ ਸਰਕਾਰ ਦੀਆਂ ਵਾਅਦਾ ਖਿਲਾਫੀਆਂ ਦੇ ਵਿਰੋਧ ਸਮੂਹਿਕ ਛੁੱਟੀ ਲੈ ਕੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨਾਂ ਦੇ ਅੱਜ ਦੂਜੇ ਦਿਨ ਵੀ ਸਥਾਨਕ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਵੇਰਕਾ ਬੂਥ ਕੋਲ ਜ਼ਿਲ੍ਹੇ ਭਰ ਵਿੱਚੋਂ ਪਹੁੰਚੇ ਹਜ਼ਾਰਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿਸ਼ਾਲ ਧਰਨਾ ਦਿੱਤਾ ਗਿਆ ਅਤੇ ਮੇਨ ਲਾਈਟਾਂ ਵਾਲੇ ਚੌਂਕ ਤੱਕ ਰੋਸ ਮਾਰਚ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਤਾਲਮੇਲ ਕਮੇਟੀ ਦੇ ਆਗੂਆਂ ਧਨਵੰਤ ਸਿੰਘ ਭੱਠਲ, ਸੁਖਵਿੰਦਰ ਸਿੰਘ ਸੈਣੀ, ਖੁਸ਼ਵਿੰਦਰ ਸਿੰਘ ਕਪਿਲਾ, ਜਸਵਿੰਦਰ ਸਿੰਘ ਸੋਜਾ, ਗੁਰਮੇਲ ਸਿੰਘ ਵਿਰਕ, ਜਸਵੀਰ ਸਿੰਘ ਖੋਖਰ, ਹਰੀ ਸਿੰਘ ਟੋਹੜਾ, ਗੁਰਦੀਪ ਸਿੰਘ ਵਾਲੀਆ, ਮਾ. ਪਰਮਜੀਤ ਸਿੰਘ ਆਦਿ ਨੇ ਕਿਹਾ ਕਿ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਸਖ਼ਤ ਹੁਕਮਾਂ ਦੇ ਬਾਵਜੂਦ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਅਤੇ ਬਕਾਏ ਨਾ ਜਾਰੀ ਨਾ ਕਰਨਾ, ਪੈਨਸ਼ਨਰਾਂ ਅਤੇ ਅਣ-ਰਿਵਾਇਜ਼ਡ ਕੈਟਾਗਰੀਆਂ ਦੇ ਮੁਲਾਜ਼ਮਾਂ 'ਤੇ 2.59 ਦਾ ਗੁਣਾਂਕ ਲਾਗੂ ਨਾ ਕਰਨਾ, ਪੁਰਾਣੀ ਪੈਨਸ਼ਨ ਸਕੀਮ ਬਹਾਲ ਨਾ ਕੀਤੇ ਜਾਣਾ, ਵੱਖ-ਵੱਖ ਕਿਸਮ ਦੇ ਕੱਚੇ ਅਤੇ ਆਊਟਸੋਰਸ ਮੁਲਾਜ਼ਮਾਂ ਨੂੰ ਰੈਗੂਲਰ ਨਾ ਕੀਤੇ ਜਾਣਾ, ਏਸੀਪੀ ਸਕੀਮ ਬਹਾਲ ਨਾ ਕੀਤੇ ਜਾਣਾ, 17/07/2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ 'ਤੇ ਪੰਜਾਬ ਦੇ ਤਨਖਾਹ ਸਕੇਲ ਲਾਗੂ ਨਾ ਕੀਤੇ ਜਾਣਾ, ਪਰਖ ਕਾਲ ਦੌਰਾਨ ਪੂਰੀ ਤਨਖਾਹ ਨਾ ਦਿੱਤੇ ਜਾਣਾ, ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਸੰਮਿਲਤ ਨਾ ਕੀਤੇ ਜਾਣਾ, 16 ਮਈ 2023 ਦੀ ਪਾਲਿਸੀ ਰੱਦ ਕਰਕੇ ਸਪੈਸ਼ਲ ਕਾਡਰ ਅਧਿਆਪਕਾਂ ਤੇ ਹੋਰ ਮੁਲਾਜ਼ਮਾਂ ਉੱਤੇ ਸਿਵਲ ਸਰਵਿਸਿਜ਼ ਰੂਲਜ ਅਤੇ ਪੰਜਾਬ ਦਾ ਤਨਖਾਹ ਸਕੇਲ ਲਾਗੂ ਨਾ ਕੀਤੇ ਜਾਣਾ ਅਤੇ ਹੋਰ ਮੰਗਾਂ ਨਜ਼ਰਅੰਦਾਜ਼ ਕੀਤੇ ਜਾਣਾ ਸਾਬਿਤ ਕਰਦਾ ਹੈ ਕਿ ਪੰਜਾਬ ਸਰਕਾਰ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਮਾਣਭੱਤਾ ਵਰਕਰਾਂ ਦੀਆਂ ਮੰਗਾਂ ਤੋਂ ਪੂਰੀ ਤਰ੍ਹਾਂ ਭਗੌੜੀ ਹੋ ਚੁੱਕੀ ਹੈ।

ਤਾਲਮੇਲ ਕਮੇਟੀ ਦੇ ਆਗੂਆਂ ਸੰਤ ਰਾਮ ਚੀਮਾ, ਨਾਹਰ ਸਿੰਘ, ਗੁਰਪ੍ਰੀਤ ਪਨੇਸਰ, ਰਵਿੰਦਰ ਸ਼ਰਮਾ, ਦਰਸ਼ਨ ਸਿੰਘ,ਰਘਬੀਰ ਸਿੰਘ ਰਾਜਪਾਲ ਸਿੰਘ ਲਸੋਈ, ਪ੍ਰੇਮ ਕੁਮਾਰ ਪੰਜੋਲਾਂ ਆਦਿ ਨੇ ਕਿਹਾ ਕਿ ਪੰਜਾਬ ਸਰਕਾਰ ਕੇਵਲ 8% ਮਹਿੰਗਾਈ ਭੱਤਾ ਲਾਗੂ ਕਰਕੇ ਇਸ ਤਰ੍ਹਾਂ ਦਾ ਬਿਰਤਾਂਤ ਸਿਰਜ ਰਹੀ ਹੈ ਜਿਵੇਂ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਮਾਣਭੱਤਾ ਵਰਕਰਾਂ ਦੇ ਸਾਰੇ ਮਸਲੇ ਹੱਲ ਕਰ ਦਿੱਤੇ ਹੋਣ।

## ਪੰਜਾਬ ਸਪੋਰਟਸ ਯੂਨੀਵਰਸਿਟੀ ਦਾ ਪਲੇਠਾ ਯੁਵਕ ਮੇਲਾ 24 ਅਕਤੂਬਰ ਨੂੰ

**ਪਟਿਆਲਾ, 23 ਅਕਤੂਬਰ**
**-ਜੀ. ਐਸ. ਤੁੰਗ-**

ਪੰਜਾਬ ਸਪੋਰਟਸ ਯੂਨੀਵਰਸਿਟੀ ਪਟਿਆਲਾ ਵੱਲੋਂ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਦੀ ਰਹਿਨੁਮਾਈ ਹੇਠ 24 ਅਕਤੂਬਰ ਨੂੰ ਯੁਵਕ ਮੇਲਾ (ਯੂਥ ਫੈਸਟੀਵਲ) ਕਰਵਾਇਆ ਜ ਰਿਹਾ ਹੈ। ਜ਼ਿਕਰਯੋਗ ਹੈ ਕਿ ਇਹ ਪੰਜਾਬ ਸਪੋਰਟਸ ਯੂਨੀਵਰਸਿਟੀ ਵੱਲੋਂ ਕਰਵਾਇਆ ਜਾ ਰਿਹਾ ਪਹਿਲਾ ਯੁਵਕ ਮੇਲਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਅਸੀਂ ਪੰਜਾਬ ਸਪੋਰਟਸ ਯੂਨੀਵਰਸਿਟੀ ਦੇ ਬਹੁਪੱਖੀ ਵਿਕਾਸ ਲਈ ਹਰ ਸੰਭਵ ਯਤਨ ਕਰਨ ਲਈ ਵਚਨਬੱਧ ਹਾਂ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵੱਲੋਂ ਕਰਵਾਇਆ ਜਾ ਰਿਹਾ ਪਲੇਠਾ ਯੁਵਕ ਮੇਲਾ ਵਿਦਿਆਰਥੀਆਂ ਨੂੰ ਖੇਡਾਂ ਅਤੇ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰਕ ਗਤੀਵਿਧੀਆਂ ਰਾਹੀਂ ਪੰਜਾਬ ਦੇ ਅਲੋਪ ਹੁੰਦੇ ਜਾ ਰਹੇ ਵਿਰਸੇ ਅਤੇ ਵਿਰਾਸਤ ਨਾਲ ਜੋੜਨ ਦਾ ਮੁੱਢਲਾ ਕਦਮ ਹੈ। ਇਸ ਮੇਲੇ ਵਿਚ ਪੰਜਾਬ ਦੇ ਵੱਖ-ਵੱਖ ਵੰਨਗੀਆਂ ਦੇ ਵਿਰਾਸਤੀ ਰੰਗ ਵੇਖਣ ਨੂੰ ਮਿਲਣਗੇ। ਇਸ ਮੇਲੇ ਵਿਚ ਗਿੱਧਾ, ਭੰਗੜਾ, ਸਕਿੱਟ, ਮਿਮਿਕਰੀ, ਰਵਾਇਤੀ ਗੀਤ, ਲੋਕ ਗੀਤ, ਪ੍ਰਦਰਸ਼ਨੀ ਪਹਿਰਾਵਾ ਆਦਿ ਮੰਚੀ ਕਲਾਵਾਂ ਦੇ ਨਾਲ-ਨਾਲ ਸਾਹਿਤਕ ਕਲਾਵਾਂ ਵਿਚ ਭਾਸ਼ਣ ਮੁਕਾਬਲੇ, ਕਵਿਤਾ ਉਚਾਰਣ, ਪੋਸਟਰ ਮੇਕਿੰਗ, ਕੋਲਾਜ਼ ਮੇਕਿੰਗ, ਕੋਮਲ ਕਲਾਵਾਂ ਵਿਚ ਨਾਲ਼ਾ ਬੁਣਨਾ, ਪੱਖੀ ਬੁਣਨਾ, ਗੁੱਡੀਆਂ ਪਟੋਲੇ, ਮਿੱਟੀ ਦੇ ਖਿਡੌਣੇ, ਰੰਗੋਲੀ ਅਤੇ ਲੋਕ ਖੇਡਾਂ ਵਿਚ ਸ਼ਟਾਪੂ, ਗੀਟੇ, ਰੱਸੀ ਟੱਪਣਾ ਅਤੇ ਰੱਸਾ-ਕਸ਼ੀ ਦੇ ਮੁਕਾਬਲੇ ਕਰਵਾਏ ਜਾਣਗੇ। ਇਸ ਮੇਲੇ ਵਿਚ 15 ਤੋਂ ਵੱਧ ਵੱਖ-ਵੱਖ ਕਾਲਜਾਂ ਵੱਲੋਂ ਹਿੱਸਾ ਲਿਆ ਜਾਵੇਗਾ ਜਿਨ੍ਹਾਂ ਦੇ ਰਹਿਣ ਅਤੇ ਖਾਣ-ਪੀਣ ਦਾ ਪੁਖਤਾ ਪ੍ਰਬੰਧ ਯੂਨੀਵਰਸਿਟੀ ਪ੍ਰਸ਼ਾਸ਼ਨ ਵੱਲੋਂ ਕੀਤਾ ਜਾਵੇਗਾ। ਇਸ ਮੇਲੇ ਦਾ ਮਕਸੱਦ ਵਿਦਿਆਰਥੀਆਂ ਵਿੱਚ ਛੁਪੀ ਪ੍ਰਤਿਭਾ ਨੂੰ ਉਭਾਰ ਕੇ ਉਨ੍ਹਾਂ ਵਿਚਲੀ ਕਲਾ ਦੀ ਪਛਾਣ ਕਰਨਾ ਹੈ ਤਾਂ ਜੋ ਵਿਦਿਆਰਥੀ ਸੱਭਿਆਚਾਰਕ ਗਤੀਵਿਧੀਆਂ ਦਾ ਹਿੱਸਾ ਬਣਕੇ ਆਪਣੇ ਹੁਨਰ ਨੂੰ ਨਿਖਾਰ ਸਕਣ।

ਡਾ. ਗਿੱਲ ਨੇ ਦੱਸਿਆ ਕਿ ਮੇਲੇ ਵਿਚ ਸ. ਗੁਰਮੀਤ ਸਿੰਘ (ਮੀਤ ਹੇਅਰ) ਮੈਂਬਰ ਪਾਰਲੀਮੈਂਟ ਅਤੇ ਸ. ਹਰਪਾਲ ਸਿੰਘ ਚੀਮਾ, ਵਿੱਤ ਮੰਤਰੀ ਪੰਜਾਬ ਵਿਸ਼ੇਸ਼ ਮਹਿਮਾਨ ਵਜੋਂ ਪੁੱਜਣਗੇ। ਇਸ ਤੋਂ ਇਲਾਵਾ ਪੰਜਾਬ ਦੇ ਉੱਘੇ ਸਿਤਾਰੇ ਸੁਨੀਤਾ ਧੀਰ, ਬਿੰਨੂ ਢਿੱਲੋਂ, ਕੰਵਲਜੀਤ ਸਿੰਘ ਢੀਂਡਸਾ, ਸਵਰਨ ਰਟੌਲ ਆਦਿ ਸ਼ਖਸੀਅਤਾਂ ਉਚੇਚੇ ਤੌਰ ਤੇ ਸ਼ਿਰਕਤ ਕਰਨਗੀਆਂ।

## ਵੀਆਈਪੀ ਮੂਵਮੈਂਟ ਕਾਰਨ ਤਿਉਹਾਰਾਂ ਦੀ ਰੌਣਕ ਪ੍ਰਭਾਵਿਤ ਨਾ ਕੀਤੀ ਜਾਵੇ : ਰਾਜਾ ਵੜਿੰਗ



**ਲੁਧਿਆਣਾ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਅਤੇ ਲੁਧਿਆਣਾ ਤੋਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਇਤਿਹਾਸਕ ਦਰੇਸੀ ਮੈਦਾਨ ਵਿਖੇ ਆਯੋਜਿਤ ਦੁਸਹਿਰਾ ਸਮਾਗਮ ਵਿੱਚ ਸ਼ਿਰਕਤ ਕਰਦਿਆਂ ਰਵਾਇਤੀ ਝੰਡਾ ਰਸਮ ਅਦਾ ਕੀਤੀ ਅਤੇ ਲੋਕਾਂ ਨੂੰ ਦੁਸਹਿਰੇ ਦੀਆਂ ਵਧਾਈਆਂ ਦਿੱਤੀਆਂ।

ਉਨ੍ਹਾਂ ਕਿਹਾ ਕਿ ਦੁਸਹਿਰਾ ਬੁਰਾਈ 'ਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਹੈ। ਰਾਵਣ ਦੇ ਹੰਕਾਰ ਤੋਂ ਸਿੱਖਿਆ ਲੈਂਦਿਆਂ ਸਾਨੂੰ ਨਿਮਰਤਾ ਅਪਣਾਉਣੀ ਅਤੇ ਸਮਾਜਿਕ ਬੁਰਾਈਆਂ ਵਿਰੁੱਧ ਇਕਜੁੱਟ ਹੋਣਾ ਚਾਹੀਦਾ ਹੈ।

ਰਾਜਾ ਵੜਿੰਗ ਨੇ ਡਿਪਟੀ ਕਮਿਸ਼ਨਰ ਨੂੰ ਅਪੀਲ ਕੀਤੀ ਕਿ ਵੀਆਈਪੀ ਮੂਵਮੈਂਟ ਦੇ ਨਾਂ 'ਤੇ ਆਮ ਲੋਕਾਂ ਦੇ ਤਿਉਹਾਰੀ ਜਸ਼ਨਾਂ 'ਤੇ ਬੇਲੋੜੀਆਂ ਪਾਬੰਦੀਆਂ ਨਾ ਲਗਾਈਆਂ ਜਾਣ। ਉਨ੍ਹਾਂ ਕਿਹਾ ਕਿ ਸਮਾਗਮ ਦੇ ਆਲੇ-ਦੁਆਲੇ ਦੁਕਾਨਾਂ ਬੰਦ ਕਰਵਾਉਣ ਕਾਰਨ ਲੋਕਾਂ ਨੂੰ ਮੁਸ਼ਕਲਾਂ ਆਈਆਂ ਅਤੇ ਤਿਉਹਾਰਾਂ ਦੀ ਰੌਣਕ ਪ੍ਰਭਾਵਿਤ ਨਹੀਂ ਹੋਣੀ ਚਾਹੀਦੀ।

ਇਸ ਮੌਕੇ ਸ਼੍ਰੀ ਰਾਮਲੀਲਾ ਕਮੇਟੀ ਦੇ ਪ੍ਰਧਾਨ ਦਿਨੇਸ਼ ਮਰਵਾਹਾ ਵੱਲੋਂ ਰਾਜਾ ਵੜਿੰਗ ਸਮੇਤ ਸਾਬਕਾ ਵਿਧਾਇਕ ਸੰਜੇ ਤਲਵਾੜ, ਸਿਮਰਜੀਤ ਸਿੰਘ ਬੈਂਸ, ਸੁਰਿੰਦਰ ਡਾਵਰ, ਪੰਜਾਬ ਕਾਂਗਰਸ ਦੇ ਸਾਬਕਾ ਜਨਰਲ ਸਕੱਤਰ ਪਵਨ ਦੀਵਾਨ, ਹੈਪੀ ਲਾਲੀ ਅਤੇ ਮਨਰਾਜ ਠੁਕਰਾਲ ਨੂੰ ਸਨਮਾਨਿਤ ਕੀਤਾ ਗਿਆ। ਰਾਜਾ ਵੜਿੰਗ ਨੇ ਕਮੇਟੀ ਵੱਲੋਂ ਕੀਤੇ ਪ੍ਰਬੰਧਾਂ ਦੀ ਸ਼ਲਾਘਾ ਕੀਤੀ।




# ਖੁਰਾਕ ਸੁਰੱਖਿਆ ਵਿਭਾਗ, ਪਟਿਆਲਾ ਵੱਲੋਂ ਤਿਉਹਾਰਾਂ ਦੇ ਸੀਜ਼ਨ ਦੌਰਾਨ ਚੈਕਿੰਗ ਮੁਹਿੰਮ ਤੇਜ਼

**➢ ਬਲਬੇੜਾ ਅਤੇ ਪਟਿਆਲਾ ਦੇ ਆਸ-ਪਾਸ ਦੇ ਖੇਤਰਾਂ ਵਿੱਚ ਵੱਖ-ਵੱਖ ਖੁਰਾਕੀ ਕਾਰੋਬਾਰੀ ਅਦਾਰਿਆਂ ਦੀ ਜਾਂਚ ➢ ਮਿੱਤਲ ਪਤੀਸਾ ਹਾਊਸ ਦਾ ਲਾਇਸੈਂਸ ਮੁਅੱਤਲ**

**ਪਟਿਆਲਾ, 23 ਅਕਤੂਬਰ**
**-ਛਤਰਪਾਲ ਸਿੰਘ-**

ਖੁਰਾਕ ਸੁਰੱਖਿਆ ਟੀਮ, ਪਟਿਆਲਾ ਨੇ ਤਿਉਹਾਰਾਂ ਦੇ ਸੀਜ਼ਨ ਦੌਰਾਨ ਆਪਣੀ ਚੈਕਿੰਗ ਅਤੇ ਨਿਗਰਾਨੀ ਦੀਆਂ ਗਤੀਵਿਧੀਆਂ ਨੂੰ ਤੇਜ਼ ਕਰ ਦਿੱਤਾ ਹੈ। ਇਸ ਦਾ ਉਦੇਸ਼ ਲੋਕਾਂ ਤੱਕ ਸੁਰੱਖਿਅਤ ਅਤੇ ਵਧੀਆ ਖੁਰਾਕੀ ਪਦਾਰਥਾਂ ਦੀ ਉਪਲਬਧਤਾ ਯਕੀਨੀ ਬਣਾਉਣਾ ਅਤੇ ਘਟੀਆ, ਅਸੁਰੱਖਿਅਤ ਅਤੇ ਮਿਲਾਵਟੀ ਖੁਰਾਕੀ ਵਸਤਾਂ ਦੀ ਵਿਕਰੀ ਨੂੰ ਰੋਕਣਾ ਹੈ। ਇਹ ਪ੍ਰਗਟਾਵਾ ਫੂਡ ਸੇਫਟੀ ਵਿਭਾਗ, ਪਟਿਆਲਾ ਦੇ ਜ਼ਿਲ੍ਹਾ ਸਿਹਤ ਅਫ਼ਸਰ ਡਾ. ਗੁਰਪ੍ਰੀਤ ਕੌਰ ਨੇ ਕੀਤਾ।
ਜ਼ਿਲ੍ਹਾ ਸਿਹਤ ਅਫ਼ਸਰ ਨੇ ਦੱਸਿਆ ਕਿ ਚਲਾਈ ਚੈਕਿੰਗ ਮੁਹਿੰਮ ਦੌਰਾਨ, ਖੁਰਾਕ ਸੁਰੱਖਿਆ ਟੀਮ ਨੇ ਬਲਬੇੜਾ ਅਤੇ ਪਟਿਆਲਾ ਦੇ ਆਸ-ਪਾਸ ਦੇ ਖੇਤਰਾਂ ਵਿੱਚ ਵੱਖ-ਵੱਖ ਖੁਰਾਕੀ ਕਾਰੋਬਾਰੀ ਅਦਾਰਿਆਂ ਦੀ ਜਾਂਚ ਕੀਤੀ ਅਤੇ ਵੱਖ-ਵੱਖ ਵਿਕਰੇਤਾਵਾਂ ਤੋਂ ਲੈਬਾਰਟਰੀ ਜਾਂਚ ਲਈ ਖੁਰਾਕੀ ਪਦਾਰਥਾਂ ਦੇ ਪੰਜ ਨਮੂਨੇ ਲਏ।

ਪਟਿਆਲਾ ਦੇ ਤਾਜਪੁਰਾ ਸਥਿਤ 'ਮਿੱਤਲ ਪਤੀਸਾ ਹਾਊਸ' ਦੀ ਜਾਂਚ ਦੌਰਾਨ, ਟੀਮ ਨੇ ਉੱਥੇ ਬਹੁਤ ਹੀ ਗੰਦਗੀ ਵਾਲੇ ਅਤੇ ਅਸਵੱਛ ਹਾਲਾਤ ਪਾਏ, ਜਿੱਥੇ ਪਤੀਸਾ ਅਤੇ ਫੈਣੀ ਤਿਆਰ ਕੀਤੀ ਜਾ ਰਹੀ ਸੀ। ਟੀਮ ਨੂੰ ਸ਼ੱਕ ਹੈ ਕਿ 'ਬੇਸਨ' ਤੋਂ ਬਣਿਆ ਦੱਸ ਕੇ ਵੇਚੇ ਜਾ ਰਹੇ ਪਤੀਸੇ ਵਿੱਚ ਮੁੱਖ ਸਮੱਗਰੀ ਵਜੋਂ 'ਮੈਦੇ' ਦੀ ਵਰਤੋਂ ਕੀਤੀ ਗਈ ਸੀ। ਇਸ ਤੋਂ ਇਲਾਵਾ, ਉਤਪਾਦ ਨੂੰ ਪੀਲਾ ਰੰਗ ਦੇਣ ਲਈ ਉਸ ਵਿੱਚ 'ਨਿੰਬੂ-ਪੀਲੇ' ਰੰਗ ਦੀ ਵਰਤੋਂ ਕੀਤੇ ਜਾਣ ਦਾ ਵੀ ਸ਼ੱਕ ਹੈ। ਮੌਕੇ 'ਤੇ ਲਗਭਗ 75 ਕਿਲੋਗ੍ਰਾਮ 'ਮਿਲਕ ਕੇਕ' ਵੀ ਮਿਲਿਆ। ਖੁਰਾਕ ਕਾਰੋਬਾਰੀ ਨੇ ਦੱਸਿਆ ਕਿ ਇਹ ਮਿਲਕ ਕੇਕ



ਕਿਸੇ ਹੋਰ ਵਿਕਰੇਤਾ ਤੋਂ ਖਰੀਦਿਆ ਗਿਆ ਸੀ, ਪਰ ਜਾਂਚ ਦੇ ਸਮੇਂ ਉਸ ਨੇ ਸਪਲਾਇਰ ਦੀ ਪਛਾਣ ਜਾਂ ਪਤਾ ਨਹੀਂ ਦੱਸਿਆ।

ਡਾ. ਗੁਰਪ੍ਰੀਤ ਕੌਰ ਨੇ ਦੱਸਿਆ ਕਿ ਉੱਥੇ ਪਾਈ ਗਈ ਗੰਦਗੀ ਅਤੇ ਅਸਵੱਛ ਹਾਲਾਤਾਂ ਨੂੰ ਦੇਖਦੇ ਹੋਏ, ਕਾਨੂੰਨੀ ਪ੍ਰਕਿਰਿਆ ਅਨੁਸਾਰ 'ਮਿੱਤਲ ਪਤੀਸਾ ਹਾਊਸ' ਦਾ ਲਾਇਸੈਂਸ ਮੁਅੱਤਲ ਕਰ ਦਿੱਤਾ ਗਿਆ ਹੈ ਅਤੇ ਅਗਲੇ ਹੁਕਮਾਂ ਤੱਕ ਉੱਥੇ ਕੰਮਕਾਜ ਕਰਨ 'ਤੇ ਰੋਕ ਲਗਾ ਦਿੱਤੀ ਗਈ ਹੈ। ਉਨ੍ਹਾਂ ਸਤੰਬਰ ਤੋਂ 21 ਅਕਤੂਬਰ 2026 ਤੱਕ ਕੀਤੀ ਗਈ ਕਾਰਵਾਈ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਫੂਡ ਸੇਫਟੀ ਵਿਭਾਗ, ਪਟਿਆਲਾ ਨੇ ਸਤੰਬਰ ਅਤੇ ਅਕਤੂਬਰ 2026 ਦੌਰਾਨ ਵਿਆਪਕ ਨਿਰੀਖਣ, ਨਮੂਨੇ ਲੈਣ ਅਤੇ ਕਾਨੂੰਨੀ ਕਾਰਵਾਈਆਂ ਕੀਤੀਆਂ ਹਨ। ਇਸ ਮਿਆਦ ਦੌਰਾਨ ਕੀਤੀ ਗਈ ਕਾਰਵਾਈ 'ਚ ਕੁੱਲ ਇਕੱਠੇ ਕੀਤੇ ਖੁਰਾਕੀ ਨਮੂਨੇ 96, ਜ਼ਬਤ ਕੀਤਾ ਗਿਆ ਪਨੀਰ ਲਗਭਗ 18 ਕੁਇੰਟਲ, ਜ਼ਬਤ ਕੀਤਾ ਗਿਆ ਦੁੱਧ ਲਗਭਗ 1,800 ਲੀਟਰ, ਹੈਲਥ ਸਪਲੀਮੈਂਟਸ 21 ਵੱਖ-ਵੱਖ ਉਤਪਾਦ, ਜਿਨ੍ਹਾਂ ਵਿਰੁੱਧ ਕਾਰਵਾਈ ਕੀਤੀ ਗਈ ਅਤੇ ਖੁਰਾਕ ਕਾਰੋਬਾਰੀ ਦੇ 2 ਲਾਇਸੰਸ ਮੁਅੱਤਲ ਕੀਤੇ ਗਏ ਅਤੇ 2 ਚਲਾਨ ਜਾਰੀ ਕੀਤੇ ਗਏ।

ਉਨ੍ਹਾਂ ਹੋਰ ਦੱਸਿਆ ਕਿ ਇਸ ਤੋਂ ਇਲਾਵਾ ਵਿਭਾਗ ਨਿਯਮਤ ਨਿਰੀਖਣਾਂ, ਖੁਰਾਕੀ ਨਮੂਨੇ ਲੈਣ ਅਤੇ 'ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ, 2006' ਅਤੇ ਇਸ ਦੇ ਅਧੀਨ ਬਣਾਏ ਗਏ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਢੁਕਵੀਂ ਕਾਰਵਾਈ ਕਰਕੇ ਜਨਤਕ ਸਿਹਤ ਦੀ ਰਾਖੀ ਕਰਨ ਲਈ ਵਚਨਬੱਧ ਹੈ। ਡਾ. ਗੁਰਪ੍ਰੀਤ ਕੌਰ ਨੇ ਕਿਹਾ ਕਿ ਫੂਡ ਸੇਫਟੀ ਵਿਭਾਗ ਸਾਰੇ ਖੁਰਾਕ ਕਾਰੋਬਾਰੀਆਂ ਨੂੰ ਅਪੀਲ ਕਰਦਾ ਹੈ ਕਿ ਉਹ ਸਹੀ ਸਫਾਈ ਅਤੇ ਸਵੱਛਤਾ ਬਣਾਈ ਰੱਖਣ, ਮਨਜ਼ੂਰਸ਼ੁਦਾ ਸਮੱਗਰੀ ਅਤੇ ਖੁਰਾਕੀ ਰੰਗਾਂ ਦੀ ਵਰਤੋਂ ਕਰਨ, ਖੁਰਾਕੀ ਉਤਪਾਦਾਂ ਦੇ ਸਰੋਤ ਦਾ ਰਿਕਾਰਡ ਰੱਖਣ ਅਤੇ ਖੁਰਾਕ ਸੁਰੱਖਿਆ ਸਬੰਧੀ ਸਾਰੀਆਂ ਲਾਗੂ ਲੋੜਾਂ ਦੀ ਪਾਲਣਾ ਕਰਨ। ਜ਼ਿਲ੍ਹਾ ਸਿਹਤ ਅਧਿਕਾਰੀ ਨੇ ਖਪਤਕਾਰਾਂ ਨੂੰ ਵੀ ਸਲਾਹ ਦਿੱਤੀ ਹੈ ਕਿ ਉਹ ਸੁਚੇਤ ਰਹਿਣ ਅਤੇ ਖੁਰਾਕ ਸੁਰੱਖਿਆ ਨਿਯਮਾਂ ਦੀ ਉਲੰਘਣਾ ਦੇ ਸ਼ੱਕੀ ਮਾਮਲਿਆਂ ਬਾਰੇ ਵਿਭਾਗ ਨੂੰ ਸੂਚਿਤ ਕਰਨ।

## ਨਾਬਾਲਿਗ ਨਾਲ ਕਥਿਤ ਕੁੱਟਮਾਰ: ਵਿਧਾਇਕ ਦੇਵ ਮਾਨ ਜਨਤਕ ਮੁਆਫ਼ੀ ਮੰਗਣ ਤੇ ਮੁਆਵਜ਼ਾ ਦੇਣ: ਪਰਮਜੀਤ ਕੈਂਥ



**ਨਾਭਾ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ, ਪੰਜਾਬ ਦੇ ਮੀਤ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਮਾਨ ਉਰਫ਼ ਦੇਵ ਮਾਨ ਨਾਲ ਸਬੰਧਤ ਨਾਬਾਲਿਗ ਨਾਲ ਕਥਿਤ ਕੁੱਟਮਾਰ, ਬੇਇੱਜ਼ਤੀ ਅਤੇ ਜ਼ਬਰਦਸਤੀ ਡੋਪ ਟੈਸਟ ਕਰਵਾਉਣ ਦੇ ਮਾਮਲੇ ਵਿੱਚ ਵਿਧਾਇਕ ਤੋਂ ਜਨਤਕ ਮੁਆਫ਼ੀ ਅਤੇ ਪੀੜਤ ਪਰਿਵਾਰ ਲਈ ਢੁਕਵੇਂ ਮੁਆਵਜ਼ੇ ਦੀ ਮੰਗ ਕੀਤੀ ਹੈ।
ਕੈਂਥ ਨੇ ਕਿਹਾ ਕਿ ਪ੍ਰਾਪਤ ਜਾਣਕਾਰੀ ਅਨੁਸਾਰ ਨਾਬਾਲਿਗ 'ਤੇ ਨਸ਼ਾ ਕਰਨ ਅਤੇ ਵੇਚਣ ਦੇ ਦੋਸ਼ ਲਗਾਏ ਗਏ ਸਨ। ਉਸ ਨੂੰ ਪੁਲਿਸ ਚੌਂਕੀ ਰੋਹਟੀ ਲਿਜਾਇਆ ਗਿਆ ਅਤੇ ਬਾਅਦ ਵਿੱਚ ਕੋਤਵਾਲੀ ਨਾਭਾ ਵਿਖੇ ਉਸ ਦਾ ਡੋਪ ਟੈਸਟ ਕਰਵਾਇਆ ਗਿਆ। ਦੱਸਿਆ ਗਿਆ ਹੈ ਕਿ ਰਿਪੋਰਟ ਨੈਗੇਟਿਵ ਆਉਣ ਮਗਰੋਂ ਉਸ ਨੂੰ ਪਰਿਵਾਰ ਦੇ ਹਵਾਲੇ ਕਰ ਦਿੱਤਾ ਗਿਆ।
ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਕਾਰਵਾਈ ਕਾਨੂੰਨ ਦੇ ਦਾਇਰੇ ਵਿੱਚ ਰਹਿ ਕੇ ਹੋਣੀ ਚਾਹੀਦੀ ਹੈ। ਕਿਸੇ ਵੀ ਵਿਅਕਤੀ ਨੂੰ ਕਾਨੂੰਨ ਆਪਣੇ ਹੱਥਾਂ ਵਿੱਚ ਲੈਣ ਜਾਂ ਨਾਬਾਲਿਗ ਦੀ ਮਾਣ-ਮਰਿਆਦਾ ਨੂੰ ਠੇਸ ਪਹੁੰਚਾਉਣ ਦਾ ਅਧਿਕਾਰ ਨਹੀਂ ਹੈ।
ਕੈਂਥ ਨੇ ਮੰਗ ਕੀਤੀ ਕਿ ਮਾਮਲੇ ਦੀ ਕਿਸੇ ਸੀਨੀਅਰ ਪੁਲਿਸ ਅਧਿਕਾਰੀ ਦੀ ਨਿਗਰਾਨੀ ਹੇਠ ਨਿਰਪੱਖ ਅਤੇ ਸਮਾਂਬੱਧ ਜਾਂਚ ਕਰਵਾਈ ਜਾਵੇ। ਜਾਂਚ ਦੌਰਾਨ ਕਿਸੇ ਵੀ ਤਰ੍ਹਾਂ ਦੇ ਸਿਆਸੀ ਦਬਾਅ ਨੂੰ ਬਰਦਾਸ਼ਤ ਨਾ ਕੀਤਾ ਜਾਵੇ ਅਤੇ ਦੋਸ਼ ਸਹੀ ਪਾਏ ਜਾਣ 'ਤੇ ਜ਼ਿੰਮੇਵਾਰ ਵਿਅਕਤੀਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇ।
ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ 'ਤੇ ਢੁੱਕਵੀਂ ਕਾਰਵਾਈ ਨਾ ਹੋਈ ਤਾਂ ਉਹ ਕਾਨੂੰਨੀ ਚਾਰਾਜੋਈ ਕਰਨਗੇ ਅਤੇ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ (ਨਐੱਚ ਰ ਸੀ ) ਕੋਲ ਰਸਮੀ ਸ਼ਿਕਾਇਤ ਦਰਜ ਕਰਵਾ ਕੇ ਦਖ਼ਲ ਦੀ ਮੰਗ ਕਰਨਗੇ।
ਪਰਮਜੀਤ ਸਿੰਘ ਕੈਂਥ ਨੇ ਪੀੜਤ ਪਰਿਵਾਰ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਇਨਸਾਫ਼ ਦਿਵਾਉਣ ਲਈ ਹਰ ਸੰਭਵ ਯਤਨ ਕਰਨ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਪੀੜਤ ਪਰਿਵਾਰ ਨੂੰ ਨਿਆਂ ਦਿਵਾਉਣ ਲਈ ਮਾਮਲਾ ਸਬੰਧਤ ਅਧਿਕਾਰੀਆਂ ਕੋਲ ਉਠਾਇਆ ਜਾਵੇਗਾ ਅਤੇ ਲੋੜ ਪੈਣ 'ਤੇ ਕਾਨੂੰਨੀ ਚਾਰਾਜੋਈ ਵੀ ਕੀਤੀ ਜਾਵੇਗੀ।

## ਪੰਜਾਬ ਰੋਡਵੇਜ਼, ਪਨਬੱਸ ਤੇ ਪੀਆਰਟੀਸੀ ਦੇ ਕੰਟਰੈਕਟ ਮੁਲਾਜ਼ਮਾਂ ਵੱਲੋਂ ਅਣਮਿੱਥੇ ਸਮੇਂ ਦੀ ਹੜਤਾਲ ਸ਼ੁਰੂ



**ਲੁਧਿਆਣਾ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਰੋਡਵੇਜ਼, ਪਨਬੱਸ ਅਤੇ ਪੀਆਰਟੀਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ 21 ਅਕਤੂਬਰ ਤੋਂ ਅਣਮਿੱਥੇ ਸਮੇਂ ਦੀ ਹੜਤਾਲ ਸ਼ੁਰੂ ਕਰ ਦਿੱਤੀ ਗਈ ਹੈ। ਇਸ ਦੌਰਾਨ ਸੂਬੇ ਦੇ ਵੱਖ-ਵੱਖ ਡਿਪੂਆਂ ਦੇ ਗੇਟਾਂ ਅੱਗੇ ਮੁਲਾਜ਼ਮਾਂ ਨੇ ਰੋਸ ਪ੍ਰਦਰਸ਼ਨ ਕਰਕੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ। ਯੂਨੀਅਨ ਆਗੂ ਜਤਿੰਦਰ ਸਿੰਘ ਸੋਨੀ ਨੇ ਐਲਾਨ ਕੀਤਾ ਕਿ ਟਰਾਂਸਪੋਰਟ ਮੰਤਰੀ ਦੀ ਰਿਹਾਇਸ਼ ਅੱਗੇ ਧਰਨਾ ਦਿੱਤਾ ਗਿਆ। ਯੂਨੀਅਨ ਆਗੂ ਸਤਨਾਮ ਸਿੰਘ ਨੇ ਕਿਹਾ ਕਿ ਸਰਕਾਰ ਵੱਲੋਂ ਵਾਰ-ਵਾਰ ਮੀਟਿੰਗਾਂ ਕਰਨ ਦੇ ਬਾਵਜੂਦ ਮੁਲਾਜ਼ਮਾਂ ਦੀਆਂ ਮੰਗਾਂ ਦਾ ਕੋਈ ਠੋਸ ਹੱਲ ਨਹੀਂ ਕੱਢਿਆ ਗਿਆ। ਉਨ੍ਹਾਂ ਕਿਹਾ ਕਿ ਵਿਭਾਗ ਵਿੱਚ ਨਵੀਆਂ ਸਰਕਾਰੀ ਬੱਸਾਂ ਚਲਾਉਣ, ਕੰਟਰੈਕਟ ਮੁਲਾਜ਼ਮਾਂ ਨੂੰ ਪੱਕਾ ਕਰਨ ਅਤੇ ਠੇਕੇਦਾਰੀ ਪ੍ਰਥਾ ਖ਼ਤਮ ਕਰਨ ਦੀਆਂ ਮੰਗਾਂ ਲੰਮੇ ਸਮੇਂ ਤੋਂ ਲਟਕ ਰਹੀਆਂ ਹਨ। ਮੀਤ ਪ੍ਰਧਾਨ ਸੁਖਵਿੰਦਰ ਸਿੰਘ ਬੱਬੂ ਅਤੇ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਸਰਕਾਰ ਕਿਲੋਮੀਟਰ ਸਕੀਮ ਤਹਿਤ ਪ੍ਰਾਈਵੇਟ ਬੱਸਾਂ ਨੂੰ ਉਤਸ਼ਾਹਿਤ ਕਰਕੇ ਸਰਕਾਰੀ ਵਿਭਾਗਾਂ ਦੇ ਨਿੱਜੀਕਰਨ ਵੱਲ ਵਧ ਰਹੀ ਹੈ, ਜਿਸ ਨਾਲ ਨੌਜਵਾਨਾਂ ਦੇ ਰੁਜ਼ਗਾਰ 'ਤੇ ਮਾੜਾ ਅਸਰ ਪੈ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ 2026 ਦੇ ਐਕਟ ਤਹਿਤ ਆਊਟਸੋਰਸ ਮੁਲਾਜ਼ਮਾਂ ਨੂੰ ਕੰਟਰੈਕਟ 'ਤੇ ਕਰਨ ਦੀ ਪ੍ਰਕਿਰਿਆ ਪੂਰੀ ਕੀਤੀ ਜਾਵੇ, ਕੰਟਰੈਕਟ ਮੁਲਾਜ਼ਮਾਂ ਨੂੰ ਸਰਵਿਸ ਰੂਲਾਂ ਅਨੁਸਾਰ ਪੱਕਾ ਕੀਤਾ ਜਾਵੇ ਅਤੇ ਸੰਘਰਸ਼ ਦੌਰਾਨ ਦਰਜ ਕੀਤੇ ਗਏ ਕਥਿਤ ਨਾਜਾਇਜ਼ ਪਰਚੇ ਰੱਦ ਕੀਤੇ ਜਾਣ।

# ਜਥੇਦਾਰ ਗੜਗੱਜ ਵੱਲੋਂ 84 ਦੇ ਦੰਗਾ ਪੀੜਤਾਂ ਨਾਲ ਮੁਲਾਕਾਤ

**84 ਦੇ ਨਸਲਕੁਸ਼ੀ ਪੀੜਤਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕੱਢੇ ਪੰਜਾਬ ਸਰਕਾਰ: ਗਿਆਨੀ ਕੁਲਦੀਪ ਸਿੰਘ ਗੜਗੱਜ**

**ਲੁਧਿਆਣਾ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਅੱਜ ਹਲਕਾ ਆਤਮ ਨਗਰ ਦੇ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੂੰ ਤਾੜਨਾ ਕਰਦਿਆਂ ਕਿਹਾ ਕਿ ਉਹ ਦੰਗਾ ਪੀੜਤ ਪਰਿਵਾਰਾਂ ਨੂੰ ਦਿੱਤੇ ਗਏ ਫਲੈਟਾਂ 'ਤੇ 'ਆਪ' ਸਮਰਥਕਾਂ ਦੇ ਗੈਰ-ਕਾਨੂੰਨੀ ਕਬਜ਼ੇ ਨੂੰ ਤੁਰੰਤ ਖਤਮ ਕਰਨ,ਤਾਂ ਜੋ ਅਸਲ ਮਾਲਕਾਂ ਨੂੰ ਇਹ ਫਲੈਟ ਮਿਲ ਸਕਣ।

ਜਥੇਦਾਰ ਗੜਗੱਜ ਅੱਜ 1984 ਦੰਗਾਂ ਦੇ ਪੀੜਤਾਂ ਦੀ ਪੀੜ ਸੁਣਨ ਤੋਂ ਬਾਅਦ ਦੁੱਗਰੀ ਵਿਖੇ ਰਾਇਟ ਵਿਕਟਿਮ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਸੁਰਜੀਤ ਸਿੰਘ ਦੁੱਗਰੀ ਅਤੇ ਮਹਿਲਾ ਵਿੰਗ ਦੀ ਪ੍ਰਧਾਨ ਬੀਬੀ ਗੁਰਦੀਪ ਕੌਰ ਦੀ ਅਗਵਾਈ ਹੇਠ ਅੱਜ ਸ਼ਹਿਰ ਵਿੱਚ ਪਰਿਵਾਰਾਂ ਨੂੰ ਮਿਲਣ ਆਏ ਸਨ।



ਜਥੇਦਾਰ ਨੇ ਪੰਜਾਬ ਸਰਕਾਰ ਨੂੰ ਕਿਹਾ ਕਿ ਉਹ ਨਵੰਬਰ 1984 ਵਿੱਚ ਹੋਏ ਸਿੱਖ ਨਸਲਕੁਸ਼ੀ ਦੇ ਪੀੜਤਾਂ ਦੇ ਪਰਿਵਾਰਾਂ ਦੀਆਂ ਸਮੱਸਿਆਵਾਂ ਨੂੰ ਸੁਣੇ ਅਤੇ ਉਨ੍ਹਾਂ ਦਾ ਤੁਰੰਤ ਹੱਲ ਲੱਭੇ।

ਜਥੇਦਾਰ ਨੇ ਕਿਹਾ ਕਿ ਉਹ ਪੀੜਤਾਂ ਦੇ ਪਰਿਵਾਰਾਂ ਦੇ ਧੀਰਜ ਅਤੇ ਹਿੰਮਤ ਦੀ ਪ੍ਰਸ਼ੰਸਾ ਕਰਦੇ ਹਨ ਜੋ ਪਿਛਲੇ 42 ਸਾਲਾਂ ਤੋਂ ਇਨਸਾਫ਼ ਲਈ ਸੰਘਰਸ਼ ਕਰ ਰਹੇ ਹਨ।

ਉਨ੍ਹਾਂ ਕਿਹਾ ਕਿ ਸਰਕਾਰ ਨੂੰ ਉਨ੍ਹਾਂ ਪਰਿਵਾਰਾਂ ਦਾ ਵੀ ਜਾਇਜ਼ਾ ਲੈਣਾ ਚਾਹੀਦਾ ਹੈ ਜਿਨ੍ਹਾਂ ਨੂੰ ਅੱਜ ਤੱਕ ਮੁਆਵਜ਼ਾ ਜਾਂ ਮੁੜ ਵਸੇਬੇ ਲਈ ਕੁਝ ਨਹੀਂ ਮਿਲਿਆ। ਇਸ ਮੌਕੇ ਪੀੜਤ ਪਰਿਵਾਰਾਂ ਨੇ ਜਥੇਦਾਰ ਗੜਗੱਜ ਨੂੰ ਆਪਣੀਆਂ ਸਮੱਸਿਆਵਾਂ ਅਤੇ ਮੁੜ ਵਸੇਬੇ ਨਾਲ ਜੁੜੇ ਮਾਮਲਿਆਂ ਬਾਰੇ ਜਾਣੂ ਕਰਵਾਇਆ। ਜਥੇਦਾਰ ਗਰਗਜ ਨੇ ਪੀੜਤਾਂ ਦੇ ਪਰਿਵਾਰਾਂ ਨੂੰ ਭਰੋਸਾ ਦਿੱਤਾ ਕਿ ਉਹ ਇਨਸਾਫ਼ ਦਿਵਾਉਣ ਅਤੇ ਉਨ੍ਹਾਂ ਦੇ ਮਸਲੇ ਹੱਲ ਕਰਨ ਲਈ ਬਣਦੀ ਕਾਰਵਾਈ ਕਰਨਗੇ।

ਪ੍ਰਧਾਨ ਸੁਰਜੀਤ ਸਿੰਘ ਦੁੱਗਰੀ ਅਤੇ ਮਹਿਲਾ ਵਿੰਗ ਦੀ ਪ੍ਰਧਾਨ ਬੀਬੀ ਗੁਰਦੀਪ ਕੌਰ ਨੇ ਪੰਜਾਬ ਸਰਕਾਰ 'ਤੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ 84 ਦੇ ਕਤਲੇਆਮ ਤੋਂ ਬਾਅਦ ਪੰਜਾਬ ਆਏ ਪੀੜਤ ਪਰਿਵਾਰਾਂ ਦੇ ਮੁੜ ਵਸੇਬੇ ਲਈ ਅਕਾਲੀ ਦਲ ਦੀ ਸਰਕਾਰ ਅਤੇ ਪੰਜਾਬ-ਹਰਿਆਣਾ ਹਾਈ ਕੋਰਟ ਵੱਲੋਂ ਕਈ ਫ਼ੈਸਲੇ ਲਏ ਗਏ ਸਨ, ਜਿਨ੍ਹਾਂ ਤਹਿਤ ਪੀੜਤ ਪਰਿਵਾਰਾਂ ਨੂੰ ਮਕਾਨ, ਨੌਕਰੀਆਂ, ਕਾਰੋਬਾਰ ਲਈ ਬੂਥ, ਨਵੇਂ ਰੈੱਡ ਕਾਰਡ ਅਤੇ ਹੋਰ ਸਹੂਲਤਾਂ ਦਿੱਤੀਆਂ ਗਈਆਂ ਸਨ। ਪਰ ਪਿਛਲੀ ਕਾਂਗਰਸ ਸਰਕਾਰ ਅਤੇ ਹੁਣ ਭਗਵੰਤ ਮਾਨ ਸਰਕਾਰ ਵੱਲੋਂ ਐਲਾਨੀਆਂ ਸਾਰੀਆਂ ਸਹੂਲਤਾਂ ਬੰਦ ਕਰਕੇ ਹੁਣ ਕਥਿਤ ਤੌਰ 'ਤੇ ਪੀੜਤ ਪਰਿਵਾਰਾਂ ਨੂੰ ਪਰੇਸ਼ਾਨ ਕੀਤਾ ਜਾ ਰਿਹਾ ਹੈ।

ਸੁਰਜੀਤ ਸਿੰਘ ਨੇ ਕਿਹਾ ਕਿ ਪਿਛਲੇ ਕਈ ਦਹਾਕਿਆਂ ਵਿੱਚ ਇਹ ਪਹਿਲਾ ਮੌਕਾ ਸੀ ਕਿ ਅਕਾਲ ਤਖ਼ਤ ਦੇ ਕਿਸੇ ਜਥੇਦਾਰ ਨੇ ਉਨ੍ਹਾਂ ਨਾਲ ਮੁਲਾਕਾਤ ਕੀਤੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੇ ਜਥੇਬੰਦੀ ਨਾਲ ਗੱਲਬਾਤ ਕਰਨ ਲਈ ਸੱਤ ਵਾਰ ਸਮਾਂ ਦਿੱਤਾ ਸੀ ਪਰ ਹਰ ਵਾਰ ਮੀਟਿੰਗ ਰੱਦ ਕਰ ਦਿੱਤੀ ਗਈ।

ਹੁਣ ਸਰਕਾਰ ਨੇ ਕੁਝ ਪਰਿਵਾਰਾਂ ਨੂੰ ਪੱਤਰ ਭੇਜ ਕੇ ਘਰ ਖਾਲੀ ਕਰਨ ਅਤੇ ਰੈੱਡ ਕਾਰਡ ਰੱਦ ਕਰਨ ਬਾਰੇ ਕਾਰਵਾਈ ਕਰਨ ਦੀ ਗੱਲ ਕਹੀ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਪੀੜਤਾਂ ਦੇ ਪਰਿਵਾਰਾਂ ਦੇ ਮਸਲੇ ਸੁਣੇ ਅਤੇ ਉਨ੍ਹਾਂ ਦਾ ਹੱਲ ਲੱਭੇ।



# ਪਰਾਲੀ ਪ੍ਰਬੰਧਨ ਲਈ 21 ਹਜ਼ਾਰ ਤੋਂ ਵੱਧ ਸੀ.ਆਰ.ਐਮ. ਮਸ਼ੀਨਾਂ ਖਰੀਦੀਆਂ; 14,274 ਯੂਨਿਟਾਂ ਨਾਲ ਸੁਪਰ ਸੀਡਰ ਬਣੀ ਕਿਸਾਨਾਂ ਦੀ ਸਭ ਤੋਂ ਪਸੰਦੀਦਾ ਮਸ਼ੀਨ

## ਪੰਜਾਬ ਸਰਕਾਰ ਦੇ ਠੋਸ ਯਤਨਾਂ ਸਦਕਾ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ 90 ਫੀਸਦੀ ਗਿਰਾਵਟ ਆਈ : ਖੁੱਡੀਆਂ

**ਚੰਡੀਗੜ੍ਹ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਕਿਹਾ ਕਿ ਸੂਬੇ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਪੂਰੀ ਤਰ੍ਹਾਂ ਠੱਲ੍ਹ ਪਾਉਣ ਵੱਲ ਇੱਕ ਫੈਸਲਾਕੁੰਨ ਕਦਮ ਤਹਿਤ ਸੂਬੇ ਦੇ ਕਿਸਾਨਾਂ ਨੇ ਇਸ ਸੀਜ਼ਨ ਵਿੱਚ 21,019 ਫਸਲੀ ਰਹਿੰਦ-ਖੂੰਹਦ ਪ੍ਰਬੰਧਨ (ਸੀ.ਆਰ.ਐਮ.) ਮਸ਼ੀਨਾਂ ਖਰੀਦੀਆਂ ਹਨ9 ਇਸ ਅਗਹਾਂਵਧੂ ਪਹੁੰਚ ਤਹਿਤ ਸੁਪਰ ਸੀਡਰ ਮਸ਼ੀਨ ਕਿਸਾਨਾਂ ਦੀ ਸਭ ਤੋਂ ਵੱਧ ਪਸੰਦੀਦਾ ਮਸ਼ੀਨ ਵਜੋਂ ਉਭਰੀ ਹੈ।

ਉਨ੍ਹਾਂ ਕਿਹਾ ਕਿ ਇਨ੍ਹਾਂ ਮਸ਼ੀਨਾਂ ਉੱਤੇ 50 ਫੀਸਦੀ ਤੋਂ 80 ਫੀਸਦੀ ਦਿੱਤੀ ਜਾ ਰਹੀ ਸਬਸਿਡੀ ਕਾਰਨ ਪਰਾਲੀ ਸਾੜਨ ਦੀ ਥਾਂ ਇਸਨੂੰ ਟਿਕਾਊ ਖੇਤੀਬਾੜੀ ਨਿਰੋਲ ਅਸਾਸੇ ਵਜੋਂ ਵਰਤਣ ਦੀ ਉਸਾਰੂ ਤਬਦੀਲੀ ਦਾ ਪ੍ਰਮਾਣ ਹੈ।

ਕਿਸਾਨਾਂ ਵੱਲੋਂ ਸਭ ਤੋਂ ਵੱਧ ਖਰੀਦੀਆਂ ਗਈਆਂ ਪੰਜ ਮਸ਼ੀਨਾਂ ਬਾਰੇ ਜਾਣਕਾਰੀ ਦਿੰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸੁਪਰ ਸੀਡਰ ਕਿਸਾਨਾਂ ਦੀ ਸਭ ਤੋਂ ਵੱਧ ਪਸੰਦੀਦਾ ਮਸ਼ੀਨ ਵਜੋਂ ਉਭਰੀ ਹੈ, ਜਿਸ ਦੇ 14,274 ਯੂਨਿਟ ਖਰੀਦੇ ਗਏ ਹਨ। ਉਨ੍ਹਾਂ ਕਿਹਾ ਕਿ ਸੁਪਰ ਸੀਡਰ ਤੋਂ ਬਾਅਦ, ਮਲਚਰ 1,721 ਯੂਨਿਟ ਅਤੇ ਹਾਈਡ੍ਰੌਲਿਕ ਰਿਵਰਸੀਬਲ ਐਮਬੀ ਪਲੌਅ 1,346 ਮਸ਼ੀਨਾਂ ਨਾਲ ਦੂਜੇ ਅਤੇ ਤੀਜੇ ਸਭ ਤੋਂ ਵੱਧ ਪ੍ਰਸਿੱਧ ਵਿਕਲਪ ਰਹੇ। ਜ਼ੀਰੋ ਟਿਲ ਡਰਿੱਲ ਅਤੇ ਬੇਲਿੰਗ ਮਸ਼ੀਨ ਨੇ ਕ੍ਰਮਵਾਰ 1,123 ਅਤੇ 927 ਯੂਨਿਟ ਨਾਲ ਸਿਖਰਲੀਆਂ ਪੰਜ ਮਸ਼ੀਨਾਂ ਵਿੱਚ ਆਪਣੀ ਮੌਜੂਦਗੀ ਦਰਜ ਕਰਵਾਈ ਹੈ। ਇਸ ਤੋਂ ਇਲਾਵਾ ਸਟਰਾਅ ਰੇਕਸ (874 ਯੂਨਿਟ) ਸਮੇਤ ਹੋਰ ਉਪਕਰਣਾਂ ਲਈ ਵੀ ਚੋਖਾ ਉਤਸ਼ਾਹ ਦੇਖਿਆ ਗਿਆ।

ਇਸ ਸਕਾਰਾਤਮਕ ਤਬਦੀਲੀ ਦਾ ਸਿਹਰਾ ਸੂਬਾ ਸਰਕਾਰ ਦੀ ਮਜ਼ਬੂਤ




ਸਬਸਿਡੀ ਸਕੀਮ ਨੂੰ ਦਿੰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸੀ.ਆਰ.ਐਮ. ਮਸ਼ੀਨਾਂ ਦੀ ਖਰੀਦ ਲਈ ਵਿਅਕਤੀਗਤ ਤੌਰ ਉਤੇ ਕਿਸਾਨਾਂ ਲਈ 50% ਅਤੇ ਕਸਟਮ ਹਾਇਰਿੰਗ ਸੈਂਟਰਾਂ (ਸੀਐਚਸੀ), ਐਫ.ਪੀ.ਓ., ਸਹਿਕਾਰੀ ਸਭਾਵਾਂ ਅਤੇ ਪੰਚਾਇਤਾਂ ਲਈ 80% ਸਬਸਿਡੀ ਦਿੱਤੀ ਜਾ ਰਹੀ ਹੈ।

ਖੇਤੀਬਾੜੀ ਮੰਤਰੀ ਨੇ ਕਿਹਾ ਕਿ ਸਾਲ 2026-27 ਲਈ 576 ਕਰੋੜ ਰੁਪਏ ਦੀ ਮਜ਼ਬੂਤ ਕਾਰਜ ਯੋਜਨਾ ਦੇ ਸਮਰਥਨ ਨਾਲ, ਇਹਨਾਂ ਠੋਸ ਯਤਨਾਂ ਦੇ ਨਤੀਜੇ ਵਜੋਂ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ 90 ਫੀਸਦੀ ਦੀ ਗਿਰਾਵਟ ਆਈ ਹੈ।

ਜ਼ਿਕਰਯੋਗ ਹੈ ਕਿ ਸਾਲ 2022 ਵਿੱਚ ਪਰਾਲੀ ਸਾੜਨ ਦੇ 49,922 ਮਾਮਲਿਆਂ ਤੋਂ 2025 ਵਿੱਚ ਸਿਰਫ 5,114 ਮਾਮਲੇ ਸਾਹਮਣੇ ਆਏ, ਜਿਸ ਨਾਲ ਪੰਜਾਬ ਨੂੰ ਆਪਣੀ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਰਣਨੀਤੀ ਲਈ ਰਾਸ਼ਟਰੀ ਮਾਨਤਾ ਮਿਲੀ ਹੈ।

ਉਹਨਾਂ ਕਿਹਾ, ਮਹੱਤਵਪੂਰਨ ਸਬਸਿਡੀ ਅਤੇ ਸਰਗਰਮ ਜਾਗਰੂਕਤਾ ਮੁਹਿੰਮਾਂ ਨੇ ਸਾਡੇ ਕਿਸਾਨਾਂ ਨੂੰ ਫਸਲੀ ਰਹਿੰਦ-ਖੂੰਹਦ ਨੂੰ ਦੇਣਦਾਰੀ ਦੀ ਬਜਾਏ ਇੱਕ ਲਾਹੇਵੰਦ ਅਸਾਸੇ ਵਜੋਂ ਮਾਨਤਾ ਦਿਵਾਈ ਹੈ।

ਖੇਤੀਬਾੜੀ ਮੰਤਰੀ ਨੇ ਕਿਹਾ ਕਿ ਸੁਪਰ ਸੀਡਰ ਅਤੇ ਜ਼ੀਰੋ ਟਿਲ ਡਰਿੱਲ ਵਰਗੀਆਂ ਮਸ਼ੀਨਾਂ ਕਿਸਾਨਾਂ ਨੂੰ ਫਸਲੀ ਰਹਿੰਦ-ਖੂੰਹਦ ਵਿੱਚ ਸਿੱਧੇ ਕਣਕ ਬੀਜਣ ਦੀ ਸਹੂਲਤ ਦਿੰਦੀਆਂ ਹਨ, ਜਿਸ ਨਾਲ ਸਮਾਂ ਬਚਦਾ ਹੈ ਅਤੇ ਮਿੱਟੀ ਦੀ ਨਮੀ ਕਾਇਮ ਰਹਿੰਦੀ ਹੈ, ਜਦੋਂ ਕਿ ਬੇਲਰ ਅਤੇ ਰੇਕ ਮਸ਼ੀਨਾਂ ਬਿਜਲੀ ਉਤਪਾਦਨ ਅਤੇ ਪਸ਼ੂਆਂ ਦੇ ਚਾਰੇ ਲਈ ਪਰਾਲੀ ਦੀ ਐਕਸ-ਸੀਟੂ ਵਰਤੋਂ ਦੀ ਸਹੂਲਤ ਦਿੰਦੀਆਂ ਹਨ।

ਮੁੱਖ ਮੰਤਰੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਅੰਨਦਾਤਾਵਾਂ ਦੀ ਭਲਾਈ ਲਈ ਅਟੁੱਟ ਵਚਨਬੱਧਤਾ ਦੁਹਰਾਉਂਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸੂਬਾ ਸਰਕਾਰ ਆਪਣੇ ਕਿਸਾਨਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ।

ਸ. ਖੁੱਡੀਆਂ ਨੇ ਕਿਸਾਨਾਂ ਨੂੰ ਫਸਲੀ ਰਹਿੰਦ-ਖੂੰਹਦ ਪ੍ਰਬੰਧਨ (ਸੀਆਰਐਮ) ਮਸ਼ੀਨਾਂ ਦੀ ਵੱਧ ਤੋਂ ਵੱਧ ਵਰਤੋਂ ਕਰਨ ਅਤੇ ਪਰਾਲੀ ਸਾੜਨ ਦੇ ਰੁਝਾਨ ਨੂੰ ਛੱਡਣ ਦੀ ਅਪੀਲ ਕਰਦਿਆਂ ਕਿਹਾ ਕਿ ਵਾਤਾਵਰਣ ਦੀ ਰੱਖਿਆ ਸਾਡੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਸਿਹਤਮੰਦ ਭਵਿੱਖ ਨੂੰ ਯਕੀਨੀ ਬਣਾਉਣ ਲਈ ਹਰੇਕ ਕਿਸਾਨ ਦਾ ਯੋਗਦਾਨ ਬਹੁਤ ਜ਼ਰੂਰੀ ਹੈ।

# ਨਵ ਦੁਰਗਾ ਪੂਜਨ ਸੰਮਤੀ ਵੱਲੋਂ 21ਵੇਂ ਅਸ਼ਟਮੀ ਕੰਨਿਆ ਪੂਜਨ ਸਮਾਗਮ ਦੀ ਸਮਾਪਤੀ ਮੌਕੇ ਮੂਰਤੀ ਵਿਸਰਜਨ



**ਰੂਪਨਗਰ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨਵ ਦੁਰਗਾ ਪੂਜਨ ਸੰਮਤੀ, ਗਿਆਨੀ ਜ਼ੈਲ ਸਿੰਘ ਨਗਰ, ਰੂਪਨਗਰ ਵੱਲੋਂ 21ਵੇਂ ਅਸ਼ਟਮੀ ਕੰਨਿਆ ਪੂਜਨ ਸਮਾਗਮ ਦੇ ਆਖਰੀ ਦਿਨ ਮੂਰਤੀ ਵਿਸਰਜਨ ਮੌਕੇ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਸਮਾਗਮ ਕਰਵਾਇਆ ਗਿਆ। ਇਸ ਮੌਕੇ ਭਾਰਤੀ ਜਨਤਾ ਪਾਰਟੀ ਰੋਪੜ ਸਰਕਲ ਦੇ ਪ੍ਰਧਾਨ ਜਗਦੀਸ਼ ਚੰਦਰ ਕਾਜਲਾ ਅਤੇ ਐਡਵੋਕੇਟ ਅਭਿਮਨਿਊ ਸਿੰਘ ਰਾਣਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਮਹਾਂਮਾਈ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ।

ਇਸ ਮੌਕੇ ਸੰਮਤੀ ਦੇ ਪ੍ਰਬੰਧਕ ਅਨਿਲ ਕੁਮਾਰ ਸਿੰਘ ਵੱਲੋਂ ਐਡਵੋਕੇਟ ਅਭਿਮਨਿਊ ਸਿੰਘ ਰਾਣਾ ਅਤੇ ਸਰਕਲ ਪ੍ਰਧਾਨ ਜਗਦੀਸ਼ ਚੰਦਰ ਕਾਜਲਾ ਨੂੰ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੇ ਦੋਵਾਂ ਸ਼ਖ਼ਸੀਅਤਾਂ ਦੀ ਸਮਾਜ ਪ੍ਰਤੀ ਵਚਨਬੱਧਤਾ ਅਤੇ ਲੋਕ ਸੇਵਾ ਦੇ ਕਾਰਜਾਂ ਦੀ ਸ਼ਲਾਘਾ ਕੀਤੀ। ਅਨਿਲ ਕੁਮਾਰ ਸਿੰਘ ਨੇ ਐਡਵੋਕੇਟ ਅਭਿਮਨਿਊ ਸਿੰਘ ਰਾਣਾ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਹ ਸਿੱਖਿਆ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੇ ਹਨ। ਇਸ ਦੇ ਨਾਲ ਹੀ ਵਕਾਲਤ ਦੇ ਪੇਸ਼ੇ ਨਾਲ ਜੁੜੇ ਹੋਣ ਦੇ ਬਾਵਜੂਦ ਉਹ ਸਮਾਜਿਕ ਗਤੀਵਿਧੀਆਂ ਵਿੱਚ ਵੀ ਸਰਗਰਮੀ ਨਾਲ ਹਿੱਸਾ ਲੈਂਦੇ ਹਨ ਅਤੇ ਲੋਕਾਂ ਦੀ ਭਲਾਈ ਲਈ ਆਪਣੀ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਨੌਜਵਾਨਾਂ ਦਾ ਸਮਾਜ ਨਾਲ ਜੁੜ ਕੇ ਕੰਮ ਕਰਨਾ ਹੋਰਨਾਂ ਲਈ ਵੀ ਪ੍ਰੇਰਣਾ ਦਾ ਸਰੋਤ ਹੈ।

ਉਨ੍ਹਾਂ ਨੇ ਭਾਜਪਾ ਰੋਪੜ ਸਰਕਲ ਦੇ ਪ੍ਰਧਾਨ ਸ੍ਰੀ ਜਗਦੀਸ਼ ਚੰਦਰ ਕਾਜਲਾ ਦੀ ਵੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਸੰਗਠਨਾਤਮਕ ਜ਼ਿੰਮੇਵਾਰੀਆਂ ਦੇ ਨਾਲ ਨਾਲ ਧਾਰਮਿਕ ਅਤੇ ਸਮਾਜਿਕ ਸਮਾਗਮਾਂ ਵਿੱਚ ਵੀ ਸਰਗਰਮ ਭੂਮਿਕਾ ਨਿਭਾ ਰਹੇ ਹਨ। ਧਾਰਮਿਕ ਸੰਸਥਾਵਾਂ ਅਤੇ ਸਮਾਜਿਕ ਕਾਰਜਾਂ ਨਾਲ ਜੁੜੇ ਰਹਿਣਾ ਸਮਾਜ ਵਿੱਚ ਆਪਸੀ ਸਾਂਝ ਅਤੇ ਭਾਈਚਾਰਕ ਏਕਤਾ ਨੂੰ ਮਜ਼ਬੂਤ ਕਰਦਾ ਹੈ।

ਇਸ ਮੌਕੇ ਸ੍ਰੀ ਜਗਦੀਸ਼ ਚੰਦਰ ਕਾਜਲਾ ਨੇ ਸੰਮਤੀ ਦੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮਾਤਾ ਰਾਣੀ ਦੀ ਕਿਰਪਾ ਸਾਰਿਆਂ 'ਤੇ ਬਣੀ ਰਹੇ। ਉਨ੍ਹਾਂ ਨੇ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਾਡੀ ਸੰਸਕ੍ਰਿਤੀ, ਪਰੰਪਰਾਵਾਂ ਅਤੇ ਆਪਸੀ ਭਾਈਚਾਰੇ ਨੂੰ ਮਜ਼ਬੂਤ ਕਰਦੇ ਹਨ। ਉਨ੍ਹਾਂ ਨੇ ਸਮਾਗਮ ਦੇ ਸਫਲ ਆਯੋਜਨ ਲਈ ਸੰਮਤੀ ਦੇ ਸਮੂਹ ਮੈਂਬਰਾਂ ਨੂੰ ਵਧਾਈ ਦਿੱਤੀ ਅਤੇ ਸਮਾਜ ਵਿੱਚ ਸੇਵਾ, ਸਦਭਾਵਨਾ ਅਤੇ ਧਾਰਮਿਕ ਸਾਂਝ ਦੀ ਭਾਵਨਾ ਨੂੰ ਅੱਗੇ ਵਧਾਉਣ ਦੀ ਅਪੀਲ ਕੀਤੀ। ਸਮਾਗਮ ਦੌਰਾਨ ਸ੍ਰੀ ਅਨਿਲ ਕੁਮਾਰ ਸਿੰਘ, ਸ੍ਰੀ ਦਿਨੇਸ਼ ਕੁਮਾਰ, ਧਰਮਿੰਦਰ ਸਹੋਤਾ ਐਸ ਸੀ ਸੈੱਲ ਭਾਜਪਾ ਪ੍ਰਧਾਨ, ਸ੍ਰੀ ਸ਼ੰਭੂ ਯਾਦਵ, ਸ੍ਰੀ ਨਰੇਸ਼ ਕੁਮਾਰ, ਸ੍ਰੀ ਕਮਲੇਸ਼ ਕੁਮਾਰ, ਸ੍ਰੀ ਦੀਪਕ ਕੁਮਾਰ, ਸ੍ਰੀ ਨਿਰੰਜਨ, ਸ੍ਰੀ ਰਾਜੇਸ਼ ਕੁਮਾਰ, ਬੱਬਲੂ ਅਤੇ ਸ੍ਰੀ ਅਨਿਲ ਦਾਸ ਸਮੇਤ ਹੋਰ ਪਤਵੰਤੇ ਸੱਜਣ ਮੌਜੂਦ ਸਨ।

# 5 ਕਿਲੋ ਹੈਰੋਇਨ ਬਰਾਮਦਗੀ ਮਾਮਲੇ 'ਤੇ ਗਰਮਾਈ ਸਿਆਸਤ; ਵਲਟੋਹਾ ਤੇ ਧੁੰਨ ਆਹਮੋ-ਸਾਹਮਣੇ

**ਭਿੱਖੀਵਿੰਡ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਖੇਮਕਰਨ ਵਿਧਾਨ ਸਭਾ ਹਲਕੇ ਵਿੱਚ ਪੰਜ ਕਿਲੋ ਹੈਰੋਇਨ ਦੀ ਬਰਾਮਦਗੀ ਦੇ ਮਾਮਲੇ ਨੂੰ ਲੈ ਕੇ ਸਿਆਸੀ ਮਾਹੌਲ ਗਰਮਾ ਗਿਆ ਹੈ। ਹਲਕਾ ਖੇਮਕਰਨ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਵਿਧਾਇਕ ਪ੍ਰੋ. ਵਿਰਸਾ ਸਿੰਘ ਵਲਟੋਹਾ ਨੇ ਇਸ ਮਾਮਲੇ ਵਿੱਚ ਆਮ ਆਦਮੀ ਪਾਰਟੀ ਦੇ ਵਿਧਾਇਕ ਸਰਵਨ ਸਿੰਘ ਧੁੰਨ ਦੇ ਕਰੀਬੀ ਹੋਣ ਦਾ ਦਾਅਵਾ ਕਰਦਿਆਂ ਆਪਣੀ ਫੇਸਬੁੱਕ ਉੱਪਰ ਇੱਕ ਪੋਸਟ ਪਾ ਕੇ ਸਵਾਲ ਖੜ੍ਹੇ ਕੀਤੇ ਹਨ। ਦੂਜੇ ਪਾਸੇ, 'ਆਪ' ਵਿਧਾਇਕ ਸਰਵਨ ਸਿੰਘ ਧੁੰਨ ਨੇ ਸੋਸ਼ਲ ਮੀਡੀਆ 'ਤੇ ਪੋਸਟ ਸਾਂਝੀ ਕਰਦਿਆਂ ਪ੍ਰੋ. ਵਿਰਸਾ ਸਿੰਘ ਵਲਟੋਹਾ ਵੱਲੋਂ ਲਗਾਏ ਜਾ ਰਹੇ ਦੋਸ਼ਾਂ ਦੀ ਜਾਂਚ ਹੋਣ ਦੀ ਗੱਲ ਕਹੀ ਹੈ ਅਤੇ ਆਖਿਆ ਹੈ ਕਿ ਜੇਕਰ ਕਿਸੇ ਦੀ ਸ਼ਮੂਲੀਅਤ ਸਾਬਤ ਹੁੰਦੀ ਹੈ ਤਾਂ ਉਸ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ।

ਪ੍ਰੋ. ਵਲਟੋਹਾ ਨੇ ਸੋਸ਼ਲ ਮੀਡੀਆ 'ਤੇ ਪਾਈ ਪੋਸਟ ਵਿੱਚ ਦਾਅਵਾ ਕੀਤਾ ਕਿ ਪਿੰਡ ਰਾਜੋਕੇ ਦੇ ਲਖਵਿੰਦਰ ਸਿੰਘ ਖਿੰਦਾ ਉਰਫ਼ ਛੋਟਾ ਧੁੰਨ ਨੂੰ ਐਨ.ਸੀ.ਬੀ. (NCB) ਵੱਲੋਂ ਪੰਜ ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ



ਗਿਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਲਖਵਿੰਦਰ ਸਿੰਘ ਮੌਜੂਦਾ ਵਿਧਾਇਕ ਸਰਵਨ ਸਿੰਘ ਧੁੰਨ ਦਾ ਕਰੀਬੀ ਹੈ। ਵਲਟੋਹਾ ਨੇ ਇਹ ਵੀ ਕਿਹਾ ਕਿ ਪਿਛਲੇ ਦੋ ਮਹੀਨਿਆਂ ਦੌਰਾਨ ਖੇਮਕਰਨ ਹਲਕੇ ਵਿੱਚ ਪਾਰਟੀ ਨਾਲ ਸਬੰਧਤ ਦੂਜੇ ਸਰਪੰਚ ਦੀ ਗ੍ਰਿਫ਼ਤਾਰੀ ਦਾ ਮਾਮਲਾ ਸਾਹਮਣੇ ਆਇਆ ਹੈ।

ਧੁੰਨ ਨੇ ਦੋਸ਼ਾਂ ਦੀ ਜਾਂਚ ਦੀ ਗੱਲ ਆਖੀ

ਵਿਧਾਇਕ ਸਰਵਨ ਸਿੰਘ ਧੁੰਨ ਨੇ ਇਨ੍ਹਾਂ ਦੋਸ਼ਾਂ ਦੇ ਜਵਾਬ ਵਿੱਚ ਕਿਹਾ ਕਿ ਜਿਸ ਵਿਅਕਤੀ ਨੂੰ ਪਿੰਡ ਰਾਜੋਕੇ ਦਾ ਸਰਪੰਚ ਦੱਸਿਆ ਜਾ ਰਿਹਾ ਹੈ, ਉਹ ਅਸਲ ਵਿੱਚ ਸਰਪੰਚ ਨਹੀਂ ਹੈ। ਉਨ੍ਹਾਂ ਮੁਤਾਬਕ ਪਿੰਡ ਦਾ ਸਰਪੰਚ ਰਾਜਬੀਰ ਸਿੰਘ ਹੈ, ਜਦਕਿ ਲਖਵਿੰਦਰ ਸਿੰਘ ਆਮ ਆਦਮੀ ਪਾਰਟੀ ਦਾ ਵਰਕਰ ਜ਼ਰੂਰ ਹੈ। ਧੁੰਨ ਨੇ ਕਿਹਾ ਕਿ ਇਸ ਮਾਮਲੇ ਵਿੱਚ ਜਾਂਚ ਸਬੰਧੀ ਅਧਿਕਾਰੀਆਂ ਵੱਲੋਂ ਅਜੇ ਅਧਿਕਾਰਤ ਪੁਸ਼ਟੀ ਹੋਣੀ ਬਾਕੀ ਹੈ। ਜੇਕਰ ਜਾਂਚ ਦੌਰਾਨ ਲਖਵਿੰਦਰ ਸਿੰਘ ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ, ਭਾਵੇਂ ਉਹ 'ਆਮ ਆਦਮੀ ਪਾਰਟੀ' ਨਾਲ ਹੀ ਕਿਉਂ ਨਾ ਜੁੜਿਆ ਹੋਵੇ।

ਵਿਧਾਇਕ ਨੇ ਅੱਗੇ ਕਿਹਾ ਕਿ ਜੇਕਰ ਨਸ਼ਿਆਂ ਦੇ ਕਾਰੋਬਾਰ ਵਿੱਚ ਕਿਸੇ ਦੀ ਸ਼ਮੂਲੀਅਤ ਸਾਬਤ ਹੁੰਦੀ ਹੈ ਤਾਂ ਉਹ ਰਾਜਨੀਤੀ ਛੱਡ ਦੇਣਗੇ। ਇਸ ਮਾਮਲੇ ਨੂੰ ਲੈ ਕੇ ਦੋਵਾਂ ਆਗੂਆਂ ਵਿਚਾਲੇ ਬਿਆਨਬਾਜ਼ੀ ਤੇਜ਼ ਹੋ ਗਈ ਹੈ।

# ਪੰਜਾਬ ਪੁਲਿਸ ਨੇ ਹਮੇਸ਼ਾਂ ਦੇਸ਼ ਦੀ ਅੰਦਰੂਨੀ ਤੇ ਬਾਹਰੀ ਸੁਰੱਖਿਆ ਲਈ ਦਿੱਤੀਆਂ ਵੱਡੀਆਂ ਕੁਰਬਾਨੀਆਂ-ਐਸ.ਐਸ.ਪੀ, ਡਾ. ਮਹਿਤਾਬ ਸਿੰਘ

**ਬਟਾਲਾ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦੇਸ਼ ਦੀ ਖਾਤਰ ਸ਼ਹੀਦੀਆਂ ਦੇਣ ਵਾਲੇ ਪੁਲਿਸ ਜਵਾਨਾਂ ਦੀ ਖਾਤਰ ਹੀ ਅੱਜ ਅਸੀਂ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ ਅਤੇ ਇਨਾਂ ਦੀ ਬਦੌਲਤ ਹੀ ਦੇਸ਼ ਅੰਦਰ ਅਮਨ-ਸ਼ਾਂਤੀ ਤੇ ਖੁਸ਼ਹਾਲੀ ਬਰਕਰਾਰ ਹੈ। ਇਹ ਪ੍ਰਗਟਾਵਾ ਡਾ. ਮਹਿਤਾਬ ਸਿੰਘ, ਐਸ.ਐਸ .ਪੀ ਬਟਾਲਾ ਨੇ ਪੁਲਿਸ ਲਾਇਨ ਬਟਾਲਾ ਵਿਖੇ 'ਪੁਲਿਸ ਸ਼ਹੀਦੀ ਦਿਵਸ' ਨੂੰ ਸਮਰਪਿਤ ਕਰਵਾਏ ਗਏ ਸ਼ਹੀਦੀ ਸਮਾਗਮ ਦੌਰਾਨ ਕੀਤਾ। ਇਸ ਮੌਕੇ ਸ਼ਹੀਦਾਂ ਦੇ ਪਰਿਵਾਰਕ ਮੈਂਬਰ ਤੇ ਪੰਜਾਬ ਪੁਲਿਸ ਦੇ ਸਾਬਕਾ ਅਧਿਕਾਰੀ ਤੇ ਕਰਮਚਾਰੀ ਵੀ ਮੌਜੂਦ ਸਨ। ਐਸ.ਐਸ.ਪੀ, ਡਾ. ਮਹਿਤਾਬ ਸਿੰਘ ਨੇ ਕਿਹਾ ਕਿ ਪੰਜਾਬ ਪੁਲਿਸ ਦਾ ਇਤਿਹਾਸ ਗੌਰਵਮਈ ਤੇ ਸ਼ਾਨਮੱਤਾ ਹੈ, ਜਿਸੇ ਨੇ ਦੇਸ਼ ਦੀ ਅੰਦਰੂਨੀ ਤੇ ਬਾਹਰੀ ਸੁਰੱਖਿਆ ਲਈ ਹਮੇਸ਼ਾਂ ਅੱਗੇ ਹੋ ਕੇ ਕੁਰਬਾਨੀਆਂ ਕੀਤੀਆਂ। ਉਨਾਂ ਕਿਹਾ ਕਿ ਪੰਜਾਬ ਅੰਦਰ ਜਦ ਅੱਤਵਾਦ ਦੇ ਕਾਲੇ ਬੱਦਲਾਂ ਦਾ ਦੌਰ ਚੱਲ ਰਿਹਾ ਸੀ ਤੇ ਪੁਲਿਸ ਜਵਾਨਾਂ ਤੇ ਅਧਿਕਾਰੀਆਂ ਨੇ ਸ਼ਹਦਾਤਾਂ ਜਾ ਜਾਮ ਪੀ ਕੇ ਦੇਸ਼ ਅੰਦਰ ਅਮਨ-ਸ਼ਾਂਤੀ ਕਾਇਮ ਰੱਖੀ। ਉਨਾਂ ਕਿਹਾ ਕਿ ਦੇਸ਼ ਨੂੰ ਆਜ਼ਾਦ ਕਰਵਾਉਣ ਅਤੇ ਆਜ਼ਾਦੀ ਤੋਂ ਬਾਅਦ



ਦੇਸ਼ ਅੰਦਰ ਅਮਨ-ਸਾਂਤੀ ਦੀ ਰੱਖਿਆ ਲਈ ਸੁਰੱਖਿਆ ਫੋਰਸ ਨੇ ਵੱਡੀਆਂ ਕੁਰਬਾਨੀਆਂ ਦਿੱਤੀਆਂ ਹਨ, ਜਿਨਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।

ਉਨਾਂ ਕਿਹਾ ਕਿ ਪੰਜਾਬ ਪੁਲਿਸ ਸ਼ਹੀਦਾਂ ਦੇ ਪਰਿਵਾਰਾਂ ਨੂੰ ਸਲਾਮ ਕਰਦੀ ਹੈ, ਹਮੇਸ਼ਾਂ ਇਨਾਂ ਪਰਿਵਾਰਾਂ ਨਾਲ ਮੋਢਾ ਨਾਲ ਮੋਢਾ ਲਾ ਕੇ ਖੜ੍ਹੀ ਹੈ ਅਤੇ ਸ਼ਹੀਦ ਪਰਿਵਾਰਾਂ ਦੀਆਂ ਮੁਸ਼ਕਿਲਾਂ ਪਹਿਲ ਦੇ ਅਧਾਰ ਤੇ ਹੱਲ ਕਰਨ ਲਈ ਵਚਨਬੱਧ ਹੈ।

ਉਨਾਂ ਇਤਿਹਾਸ ਦੱਸਦਿਆਂ ਦੱਸਿਆ ਕਿ 21 ਅਕਤੂਬਰ 1959 ਨੂੰ ਲੱਦਾਖ ਦੇ ਹੋਟ ਸਪਰਿੰਗ ਖੇਤਰ ਵਿਚ ਸੀ.ਆਰ.ਪੀ.ਐਫ ਤੇ ਇੰਨਟੈਲੀਜੈਂਸ ਬਿਊਰੋ ਦੀ ਸਾਂਝੀ ਪੈਟਰੋਲਿੰਗ ਪਾਰਟੀ, ਭਾਰਤ-ਚੀਨ ਦੀ ਸਰਹੱਦ ਤੇ ਗਸ਼ਤ ਕਰ ਰਹੀ ਸੀ ਤੇ ਇਸ ਪਾਰਟੀ ਵਿਚ ਕਰੀਬ 10 ਜਵਾਨ ਹੀ ਸ਼ਾਮਿਲ ਸਨ ਤੇ ਚੀਨੀ ਫੌਜਾਂ ਨੇ ਹਮਲਾ ਕਰ ਦਿੱਤਾ ਪਰ ਇਨਾਂ ਜਵਾਨਾਂ ਨੇ ਬਹੁਤ ਬਹਾਦਰੀ ਨਾਲ ਦੁਸ਼ਮਣਾ ਦਾ ਟਾਕਰਾ ਕੀਤਾ ਤੇ ਉਨਾਂ ਦੇ ਦੰਦ ਖੱਟ ਕੀਤੇ ਪਰ ਆਪਣੀ ਮਾਤਰ ਭੂਮੀ ਵਿਚ ਦਾਖਲ ਨਹੀਂ ਹੋਣ ਦਿੱਤਾ। ਉਸੇ ਦਿਨ ਦੀ ਯਾਦ ਵਿਚ ਅੱਜ ਪੂਰੇ ਭਾਰਤ ਵਿਚ' ਪੁਲਿਸ ਸ਼ਹੀਦੀ ਦਿਵਸ' ਮਨਾਇਆ ਜਾਂਦਾ ਹੈ। ਇਸ ਦੀ ਸ਼ੁਰੂਆਤ 1960 ਵਿਚ ਕੀਤੀ ਗਈ।

# ਪੀ.ਡਬਲਯੂ.ਡੀ. ਕਲੋਨੀ ਵਿਖੇ 20ਵੇਂ ਦੁਰਗਾ ਪੂਜਾ ਮਹਾਂ ਉਤਸਵ 'ਚ ਵਿਧਾਇਕ ਦਿਨੇਸ਼ ਚੱਢਾ ਨੇ ਕੀਤੀ ਸ਼ਿਰਕਤ



**ਰੂਪਨਗਰ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੀ.ਡਬਲਯੂ.ਡੀ. ਕਲੋਨੀ ਵਿਖੇ ਆਯੋਜਿਤ 20ਵੇਂ ਦੁਰਗਾ ਪੂਜਾ ਮਹਾਂ ਉਤਸਵ ਵਿੱਚ ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਮਾਤਾ ਰਾਣੀ ਦੇ ਦਰਬਾਰ ਵਿੱਚ ਨਤਮਸਤਕ ਹੋ ਕੇ ਪੂਜਾ ਅਰਚਨਾ ਕੀਤੀ ਅਤੇ ਸਰਬੱਤ ਦੇ ਭਲੇ, ਸਮਾਜ ਦੀ ਖੁਸ਼ਹਾਲੀ ਤੇ ਲੋਕਾਂ ਦੀ ਸੁੱਖ-ਸ਼ਾਂਤੀ ਲਈ ਅਰਦਾਸ ਕੀਤੀ। ਸਮਾਗਮ ਦੌਰਾਨ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਦਾ ਮਾਹੌਲ ਦੇਖਣ ਨੂੰ ਮਿਲਿਆ। ਇਸ ਮੌਕੇ ਆਪਣੇ ਸੰਬੋਧਨ ਵਿੱਚ ਵਿਧਾਇਕ ਦਿਨੇਸ਼ ਚੱਢਾ ਨੇ ਕਿਹਾ ਕਿ ਭਾਰਤੀ ਸੰਸਕ੍ਰਿਤੀ ਵਿੱਚ ਧਾਰਮਿਕ ਤਿਉਹਾਰਾਂ ਦਾ ਵਿਸ਼ੇਸ਼ ਮਹੱਤਵ ਹੈ। ਇਹ ਤਿਉਹਾਰ ਸਿਰਫ਼ ਧਾਰਮਿਕ ਆਸਥਾ ਦਾ ਪ੍ਰਗਟਾਵਾ ਹੀ ਨਹੀਂ ਕਰਦੇ, ਸਗੋਂ ਸਾਨੂੰ ਆਪਣੇ ਨੈਤਿਕ ਫਰਜ਼ਾਂ ਪ੍ਰਤੀ ਵੀ ਜਾਗਰੂਕ ਕਰਦੇ ਹਨ। ਉਨ੍ਹਾਂ ਕਿਹਾ ਕਿ ਮਾਂ ਦੁਰਗਾ ਦੀ ਪੂਜਾ ਸ਼ਕਤੀ, ਹੌਸਲੇ ਅਤੇ ਬੁਰਾਈ 'ਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਹੈ। ਅਜਿਹੇ ਧਾਰਮਿਕ ਆਯੋਜਨ ਮਨੁੱਖ ਨੂੰ ਸੱਚਾਈ ਦੇ ਰਾਹ 'ਤੇ ਚੱਲਣ ਅਤੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਦੀ ਪ੍ਰੇਰਨਾ ਦਿੰਦੇ ਹਨ। ਵਿਧਾਇਕ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨ ਪੀੜ੍ਹੀ ਨੂੰ ਆਪਣੇ ਸੱਭਿਆਚਾਰ, ਇਤਿਹਾਸ ਅਤੇ ਧਾਰਮਿਕ ਕਦਰਾਂ-ਕੀਮਤਾਂ ਨਾਲ ਜੋੜਨਾ ਬੇਹੱਦ ਜ਼ਰੂਰੀ ਹੈ। ਇਸ ਦਿਸ਼ਾ ਵਿੱਚ ਧਾਰਮਿਕ ਸੰਸਥਾਵਾਂ ਅਤੇ ਸਮਾਜਿਕ ਜਥੇਬੰਦੀਆਂ ਦੀ ਭੂਮਿਕਾ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਆਪਸੀ ਸਤਿਕਾਰ, ਸਹਿਣਸ਼ੀਲਤਾ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਕੇ ਹੀ ਇੱਕ ਬਿਹਤਰ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ।

ਇਸ ਦੌਰਾਨ ਮਹਾਂ ਉਤਸਵ ਦੇ ਪ੍ਰਬੰਧਕਾਂ ਵੱਲੋਂ ਵਿਧਾਇਕ ਦਿਨੇਸ਼ ਚੱਢਾ ਨੂੰ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਧਾਰਮਿਕ ਪਰੰਪਰਾਵਾਂ ਨੂੰ ਸੰਭਾਲਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਸਮਾਗਮ ਵਿੱਚ ਸ਼ਰਧਾਲੂਆਂ ਨੇ ਮਾਤਾ ਰਾਣੀ ਦੇ ਦਰਸ਼ਨ ਕਰਕੇ ਆਸ਼ੀਰਵਾਦ ਪ੍ਰਾਪਤ ਕੀਤਾ।

# ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ ਸਬੰਧੀ ਸਾਰੇ ਪੋਲਿੰਗ ਬੂਥਾਂ 'ਤੇ ਲੱਗਣਗੇ ਵਿਸ਼ੇਸ਼ ਕੈਂਪ: ਪੂਨਮਦੀਪ ਕੌਰ

- ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਬੀ.ਐੱਲ.ਓਜ਼ ਵੱਲੋਂ ਵੋਟ ਦੀ ਜਾਂਚ, ਨਵੀਂ ਵੋਟ ਬਣਾਉਣ ਅਤੇ ਵੇਰਵਿਆਂ ਵਿੱਚ ਸੋਧ ਲਈ ਕੀਤੀ ਜਾਵੇਗੀ ਸਹਾਇਤਾ
- 12 ਨਵੰਬਰ ਤੋਂ 11 ਦਸੰਬਰ ਤੱਕ ਪ੍ਰਾਪਤ ਕੀਤੇ ਜਾਣਗੇ ਦਾਅਵੇ ਤੇ ਇਤਰਾਜ਼; ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ 4 ਜਨਵਰੀ 2027 ਨੂੰ ਹੋਵੇਗੀ

**ਸੰਗਰੂਰ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸੰਗਰੂਰ ਪੂਨਮਦੀਪ ਕੌਰ ਨੇ ਦੱਸਿਆ ਕਿ ਭਾਰਤ ਦੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਯੋਗਤਾ ਮਿਤੀ 1 ਜਨਵਰੀ 2027 ਦੇ ਆਧਾਰ 'ਤੇ ਫੋਟੋ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ ਦਾ ਪ੍ਰੋਗਰਾਮ ਜਾਰੀ ਕੀਤਾ ਗਿਆ ਹੈ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਯੋਗ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਵੋਟ ਅਤੇ ਵੋਟਰ ਸੂਚੀ ਵਿੱਚ ਦਰਜ ਵੇਰਵਿਆਂ ਦੀ ਜਾਂਚ ਜ਼ਰੂਰ ਕਰਨ ਅਤੇ ਲੋੜ ਅਨੁਸਾਰ ਨਿਰਧਾਰਿਤ ਫਾਰਮ ਭਰ ਕੇ ਇਸ ਪ੍ਰਕਿਰਿਆ ਦਾ ਲਾਭ ਲੈਣ।

ਪੂਨਮਦੀਪ ਕੌਰ ਨੇ ਦੱਸਿਆ ਕਿ 25 ਅਕਤੂਬਰ 2026 ਨੂੰ ਜ਼ਿਲ੍ਹੇ ਦੇ ਸਾਰੇ ਪੋਲਿੰਗ ਬੂਥਾਂ 'ਤੇ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਇਨ੍ਹਾਂ ਕੈਂਪਾਂ ਦੌਰਾਨ ਬੂਥ ਲੈਵਲ ਅਫ਼ਸਰਾਂ (ਬੀ.ਐੱਲ.ਓਜ਼) ਵੱਲੋਂ ਨਾਗਰਿਕਾਂ ਨੂੰ ਵੋਟਰ ਸੂਚੀ ਵਿੱਚ ਆਪਣੇ ਨਾਮ ਦੀ ਜਾਂਚ ਕਰਨ ਅਤੇ ਯੋਗ ਨਾਗਰਿਕਾਂ ਨੂੰ ਨਵੀਂ ਵੋਟ ਬਣਵਾਉਣ ਲਈ ਲੋੜੀਂਦੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਨਵੀਂ ਵੋਟ ਬਣਵਾਉਣ ਲਈ ਫਾਰਮ ਨੰਬਰ 6, ਵੋਟਰ ਸੂਚੀ ਵਿੱਚ ਦਰਜ ਵੇਰਵਿਆਂ ਦੀ ਸੋਧ ਲਈ ਫਾਰਮ ਨੰਬਰ 8 ਅਤੇ ਨਾਮ ਕੱਟਣ ਸਬੰਧੀ ਇਤਰਾਜ਼ ਲਈ ਫਾਰਮ ਨੰਬਰ 7 ਦੀ ਵਰਤੋਂ ਕੀਤੀ ਜਾ ਸਕਦੀ ਹੈ।

ਉਨ੍ਹਾਂ ਖ਼ਾਸ ਤੌਰ 'ਤੇ ਨੌਜਵਾਨਾਂ ਅਤੇ ਪਹਿਲੀ ਵਾਰ ਵੋਟ ਬਣਵਾਉਣ ਵਾਲੇ ਯੋਗ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕੈਂਪਾਂ ਵਿੱਚ ਪਹੁੰਚ ਕੇ ਵੋਟਰ ਵਜੋਂ ਰਜਿਸਟ੍ਰੇਸ਼ਨ ਕਰਵਾਉਣ ਅਤੇ ਲੋਕਤੰਤਰ ਦੀ ਮਜ਼ਬੂਤੀ ਵਿੱਚ ਆਪਣਾ ਯੋਗਦਾਨ ਪਾਉਣ।

ਜ਼ਿਲ੍ਹਾ ਚੋਣ ਅਫ਼ਸਰ ਨੇ ਵਿਸ਼ੇਸ਼ ਸਰਸਰੀ ਸੁਧਾਈ ਦੀ ਸਮਾਂ-ਸਾਰਣੀ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜ਼ੇਸ਼ਨ ਦਾ ਕੰਮ 2 ਨਵੰਬਰ 2026 ਤੱਕ ਮੁਕੰਮਲ ਕੀਤਾ ਜਾਣਾ ਹੈ। ਇਸ ਉਪਰੰਤ 12 ਨਵੰਬਰ 2026 ਨੂੰ ਫੋਟੋ ਵੋਟਰ ਸੂਚੀਆਂ ਦੀ ਮੁੱਢਲੀ ਪ੍ਰਕਾਸ਼ਨਾ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਦੇ ਖਰੜੇ ਸਬੰਧੀ ਦਾਅਵੇ ਅਤੇ ਇਤਰਾਜ਼ 12 ਨਵੰਬਰ ਤੋਂ 11 ਦਸੰਬਰ 2026 ਤੱਕ ਜ਼ਿਲ੍ਹੇ ਦੇ ਪੰਜ ਵਿਧਾਨ ਸਭਾ ਚੋਣ ਹਲਕਿਆਂ ਦੇ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ ਪ੍ਰਾਪਤ ਕੀਤੇ ਜਾਣਗੇ। ਪ੍ਰਾਪਤ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 28 ਦਸੰਬਰ 2026 ਤੱਕ ਕੀਤਾ ਜਾਵੇਗਾ ਅਤੇ ਫੋਟੋ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ 4 ਜਨਵਰੀ 2027 ਨੂੰ ਹੋਵੇਗੀ।

ਪੂਨਮਦੀਪ ਕੌਰ ਨੇ ਦੱਸਿਆ ਕਿ ਵੋਟਾਂ ਸਬੰਧੀ ਜਾਣਕਾਰੀ ਅਤੇ ਸਹਾਇਤਾ ਲਈ ਜ਼ਿਲ੍ਹਾ ਚੋਣ ਦਫ਼ਤਰ ਅਤੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਦੇ ਦਫ਼ਤਰਾਂ ਵਿੱਚ 1950 ਟੋਲ ਫ੍ਰੀ ਨੰਬਰ ਨਾਲ ਸਬੰਧਤ ਹੈਲਪ ਡੈਸਕ ਸਥਾਪਿਤ ਕੀਤੇ ਗਏ ਹਨ। ਨਾਗਰਿਕ ਇਨ੍ਹਾਂ ਰਾਹੀਂ ਵੋਟਰ ਰਜਿਸਟ੍ਰੇਸ਼ਨ ਅਤੇ ਵੋਟਰ ਸੂਚੀਆਂ ਦੀ ਸੁਧਾਈ ਸਬੰਧੀ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ।

ਉਨ੍ਹਾਂ ਕਿਹਾ ਕਿ ਇਸ ਵਿਸ਼ੇਸ਼ ਸਰਸਰੀ ਸੁਧਾਈ ਦਾ ਉਦੇਸ਼ ਵੋਟਰ ਸੂਚੀਆਂ ਨੂੰ ਹੋਰ ਸਹੀ ਅਤੇ ਅੱਪਡੇਟ ਕਰਨਾ ਹੈ, ਤਾਂ ਜੋ ਸਾਰੇ ਯੋਗ ਨਾਗਰਿਕਾਂ ਦੇ ਨਾਮ ਵੋਟਰ ਸੂਚੀਆਂ ਵਿੱਚ ਦਰਜ ਹੋ ਸਕਣ ਅਤੇ ਕੋਈ ਵੀ ਯੋਗ ਨਾਗਰਿਕ ਆਪਣੇ ਵੋਟ ਦੇ ਅਧਿਕਾਰ ਤੋਂ ਵਾਂਝਾ ਨਾ ਰਹੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਿਰਧਾਰਿਤ ਸਮਾਂ-ਸਾਰਣੀ ਅਨੁਸਾਰ ਦਾਅਵੇ ਅਤੇ ਇਤਰਾਜ਼ ਦਰਜ ਕਰਵਾਉਣ ਅਤੇ ਚੋਣ ਅਮਲੇ ਨਾਲ ਸਹਿਯੋਗ ਕਰਨ।

## ਪੁਲਿਸ ਯਾਦਗਾਰੀ ਦਿਵਸ ਪੀ.ਏ.ਪੀ. ਹੈੱਡਕੁਆਰਟਰ ਵਿਖੇ ਮਨਾਇਆ ਗਿਆ; ਡੀਜੀਪੀ ਗੌਰਵ ਯਾਦਵ ਵੱਲੋਂ ਪੁਲਿਸ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ

# ਪੰਜਾਬ ਪੁਲਿਸ ਦੇਸ਼ ਦੀ ਅਖੰਡਤਾ ਦੀ ਰਾਖੀ ਲਈ ਵਚਨਬੱਧ; 1,804 ਪੁਲਿਸ ਕਰਮਚਾਰੀਆਂ ਦੀ ਕੁਰਬਾਨੀ ਸਦਾ ਪ੍ਰੇਰਨਾ ਦਿੰਦੀ ਰਹੇਗੀ: ਡੀਜੀਪੀ ਗੌਰਵ ਯਾਦਵ

**ਚੰਡੀਗੜ੍ਹ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਅੱਤਵਾਦੀਆਂ ਅਤੇ ਅਪਰਾਧੀਆਂ ਨਾਲ ਲੜਦਿਆਂ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਪੁਲਿਸ ਕਰਮਚਾਰੀਆਂ ਨੂੰ ਸਤਿਕਾਰ ਭੇਟ ਕਰਨ ਲਈ ਅੱਜ ਪੰਜਾਬ ਆਰਮਡ ਪੁਲਿਸ (ਪੀ.ਏ.ਪੀ.) ਹੈੱਡਕੁਆਰਟਰ, ਜਲੰਧਰ ਵਿਖੇ 67ਵਾਂ ਸੂਬਾ ਪੱਧਰੀ ਪੁਲਿਸ ਯਾਦਗਾਰੀ ਦਿਵਸ ਪੂਰੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ।

ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ਰਧਾਂਜਲੀ ਸਮਾਗਮ ਦੀ ਅਗਵਾਈ ਕੀਤੀ ਅਤੇ ਪੁਲਿਸ ਸ਼ਹੀਦ ਸਮਾਰਕ 'ਤੇ ਫੁੱਲਮਾਲਾਵਾਂ ਭੇਂਟ ਕੀਤੀਆਂ। ਇਸ ਮੌਕੇ ਉਨ੍ਹਾਂ ਨਾਲ ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਪ੍ਰਵੀਨ ਕੁਮਾਰ ਸਿਨਹਾ ਅਤੇ ਏਡੀਜੀਪੀ ਪੀਏਪੀ ਐੱਮ.ਐੱਫ. ਫਾਰੂਕੀ ਵੀ ਮੌਜੂਦ ਸਨ।

ਪੰਜਾਬ ਪੁਲਿਸ, ਜਿਸ ਨੇ ਜੰਗ, ਸ਼ਾਂਤੀ ਅਤੇ ਸੰਘਰਸ਼ਾਂ ਦੌਰਾਨ ਬੇਮਿਸਾਲ ਬਹਾਦਰੀ ਨਾਲ ਦੇਸ਼ ਦੀ ਸੇਵਾ ਕੀਤੀ ਹੈ, ਨੂੰ ਬੇਮਿਸਾਲ ਅਤੇ ਮਹਾਨ ਬਲ ਦੱਸਦਿਆਂ ਡੀਜੀਪੀ ਨੇ ਕਿਹਾ ਕਿ ਸਤੰਬਰ 1981 ਤੋਂ ਲੈ ਕੇ ਹੁਣ ਤੱਕ ਪੰਜਾਬ ਪੁਲਿਸ ਦੇ 1,804 ਬਹਾਦਰ ਜਵਾਨਾਂ ਨੇ ਡਿਊਟੀ ਦੌਰਾਨ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਹਨ, ਇਨ੍ਹਾਂ ਵਿੱਚ ਇਸ ਸਾਲ ਸ਼ਹੀਦ ਹੋਏ ਦੋ ਬਹਾਦਰ ਵੀ



ਸ਼ਾਮਲ ਹਨ।

ਇਕੱਠ ਨੂੰ ਸੰਬੋਧਨ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਕਿਹਾ, ਇਨ੍ਹਾਂ ਬਹਾਦਰ ਸ਼ਹੀਦਾਂ ਦੀ ਬਦੌਲਤ ਹੀ ਅੱਜ ਅਸੀਂ ਸ਼ਾਂਤੀਪੂਰਨ ਮਾਹੌਲ ਵਿੱਚ ਸਾਹ ਲੈ ਰਹੇ ਹਾਂ। ਪੰਜਾਬ ਪੁਲਿਸ ਕੋਲ ਬਹਾਦਰੀ, ਨਿਰਸਵਾਰਥ ਸੇਵਾ ਅਤੇ ਅੱਤਵਾਦ ਨੂੰ ਜੜ੍ਹੋਂ ਖਤਮ ਕਰਨ ਦੇ ਦ੍ਰਿੜ ਸੰਕਲਪ ਦੀ ਇੱਕ ਸ਼ਾਨਦਾਰ ਵਿਰਾਸਤ ਹੈ। ਇਹ ਬਲ ਸਾਡੀਆਂ ਸਰਹੱਦਾਂ ਦੀ ਰਾਖੀ ਕਰਨ ਅਤੇ ਇਸ ਸਰਹੱਦੀ ਸੂਬੇ ਵਿੱਚ ਫਿਰਕੂ ਸਦਭਾਵਨਾ ਬਣਾਈ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਪੀਏਪੀ ਕੰਪਲੈਕਸ 'ਚ ਸਥਿਤ ਸ਼ਹੀਦ ਸਮਾਰਕ ਵਿਖੇ ਇੱਕ ਰਸਮੀ ਪਰੇਡ ਕਰਵਾਈ ਗਈ, ਜਿੱਥੇ ਕਮਾਂਡੈਂਟ ਵੱਲੋਂ ਪਿਛਲੇ ਸਾਲ ਦੌਰਾਨ ਸ਼ਹੀਦ ਹੋਏ ਸਾਰੇ ਜਵਾਨਾਂ ਦੇ ਨਾਮ ਪੜ੍ਹੇ ਗਏ। ਸਮਾਗਮ ਦੀ ਸਮਾਪਤੀ ਦੋ ਮਿੰਟ ਦਾ ਮੌਨ ਰੱਖ ਕੇ ਅਤੇ ਸ਼ਹੀਦਾਂ ਦੇ ਸਨਮਾਨ ਵਿੱਚ ਉੱਚ ਅਧਿਕਾਰੀਆਂ ਵੱਲੋਂ ਫੁੱਲ-ਮਾਲਾਵਾਂ ਭੇਟ ਕਰਕੇ ਕੀਤੀ ਗਈ।

ਸਮਾਗਮ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਪੰਜਾਬ ਪੁਲਿਸ ਨੇ ਨਸ਼ਿਆਂ ਵਿਰੁੱਧ ਫੈਸਲਾਕੁੰਨ ਕਾਰਵਾਈ ਕੀਤੀ ਹੈ। ਉਨ੍ਹਾਂ ਦੱਸਿਆ ਕਿ 16 ਮਾਰਚ, 2022 ਤੋਂ ਲੈ ਕੇ ਹੁਣ ਤੱਕ ਐੱਨ.ਡੀ.ਪੀ.ਐੱਸ. ਐਕਟ ਤਹਿਤ 95,000 ਤੋਂ ਵੱਧ ਕੇਸ ਦਰਜ ਕੀਤੇ ਗਏ ਹਨ, ਜਿਸ ਦੇ ਨਤੀਜੇ ਵਜੋਂ 1,27,000 ਤੋਂ ਵੱਧ ਗ੍ਰਿਫ਼ਤਾਰੀਆਂ ਹੋਈਆਂ ਹਨ ਅਤੇ 7,260 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਬਰਾਮਦ ਕੀਤੀ ਗਈ ਹੈ।

ਨਾਰਕੋ ਤਸਕਰੀ ਬਾਰੇ ਡੀਜੀਪੀ ਨੇ ਦੱਸਿਆ ਕਿ ਪੰਜਾਬ ਪੁਲਿਸ ਨੇ ਨਸ਼ਾ ਤਸਕਰਾਂ ਦੀਆਂ 902 ਕਰੋੜ ਰੁਪਏ ਦੀਆਂ ਜਾਇਦਾਦ ਫ਼ਰੀਜ ਕੀਤੀਆਂ ਹਨ। ਇਸ ਦੇ ਨਾਲ ਹੀ ਅਦਾਲਤਾਂ ਵਿੱਚ ਦੋਸ਼ ਸਿੱਧ ਕਰਨ ਦੀ ਦਰ 90 ਫ਼ੀਸਦ ਰਹੀ ਹੈ।

ਇਸ ਤੋਂ ਇਲਾਵਾ, ਅਪ੍ਰੈਲ 2022 ਵਿੱਚ ਸ਼ੁਰੂ ਕੀਤੇ ਗਏ ਲਗਾਤਾਰ ਗੈਂਗਸਟਰ-ਵਿਰੋਧੀ ਅਭਿਆਨਾਂ ਰਾਹੀਂ 1,288 ਸੰਗਠਿਤ ਅਪਰਾਧਿਕ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਗਿਆ ਹੈ ਅਤੇ 3,300 ਤੋਂ ਵੱਧ ਗੈਂਗ ਮੈਂਬਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਵੀਆਂ ਰਣਨੀਤਕ ਰੂਪ-ਰੇਖਾਵਾਂ ਬਾਰੇ ਦੱਸਦਿਆਂ ਡੀਜੀਪੀ ਨੇ ਦੱਸਿਆ ਕਿ ਇਹ ਮੁਹਿੰਮ ਹੁਣ ਤੀਬਰ 60 ਦਿਨਾਂ ਮਿਸ਼ਨ ਮੋਡ ਵਿੱਚ ਤਬਦੀਲ ਹੋ ਚੁੱਕੀ ਹੈ, ਜਿਸ ਵਿੱਚ ਸਾਰੇ ਨਿਸ਼ਾਨਬੱਧ ਨਸ਼ਾ ਪ੍ਰਭਾਵਿਤ ਖੇਤਰਾਂ 'ਤੇ ਸੀਨੀਅਰ ਪੁਲਿਸ ਅਧਿਕਾਰੀਆਂ ਅਤੇ ਸਿਵਲ ਪ੍ਰਸ਼ਾਸਨ ਦੇ ਗਜ਼ਟਿਡ ਅਧਿਕਾਰੀਆਂ ਵੱਲੋਂ ਸਾਂਝੇ ਤੌਰ 'ਤੇ 24 ਘੰਟੇ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਬਹੁ-ਪੱਖੀ ਪਹੁੰਚ ਦਾ ਮੁੱਖ ਉਦੇਸ਼ ਭਾਈਚਾਰਕ ਸ਼ਮੂਲੀਅਤ ਅਤੇ ਨੌਜਵਾਨਾਂ ਲਈ ਖੇਡ ਦੇ ਮੈਦਾਨਾਂ ਜ਼ਰੀਏ ਇਨ੍ਹਾਂ ਸੰਵੇਦਨਸ਼ੀਲ ਖੇਤਰਾਂ ਨੂੰ ਸੁਰੱਖਿਅਤ ਕਰਨਾ ਹੈ।

ਸਰਕਾਰ ਦੀ ਸਮੁੱਚੀ ਪਹੁੰਚ ਅਤੇ ਭਵਿੱਖੀ ਰਣਨੀਤੀਆਂ ਬਾਰੇ ਡੀਜੀਪੀ ਨੇ ਦੱਸਿਆ ਕਿ ਇਸ ਵਿੱਚ ਵਿੱਤੀ ਨੈੱਟਵਰਕਾਂ ਨੂੰ ਤੋੜਨਾ, ਨਸ਼ਾ ਪ੍ਰਭਾਵਿਤ ਖੇਤਰਾਂ ਨੂੰ ਨਿਸ਼ਾਨਾ ਬਣਾਉਣਾ, 1600 ਕਰੋੜ ਰੁਪਏ ਤੋਂ ਵੱਧ ਦੇ ਨਿਵੇਸ਼ ਨਾਲ ਬੁਨਿਆਦੀ ਢਾਂਚੇ ਨੂੰ ਆਧੁਨਿਕ ਬਣਾਉਣਾ ਅਤੇ ਸੂਬੇ ਭਰ ਵਿੱਚ ਅਪਰਾਧਿਕ ਗਰੋਹਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਬਾਉਣ ਲਈ ਸਾਈਬਰ ਸੁਰੱਖਿਆ ਸਮਰੱਥਾਵਾਂ ਨੂੰ ਮਜ਼ਬੂਤ ਕਰਨਾ ਸ਼ਾਮਲ ਹੈ। ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਪੁਲਿਸ ਨੇ ਹੋਰਨਾਂ ਸੂਬਿਆਂ ਤੋਂ ਸਪਲਾਈ ਕੀਤੀਆਂ ਜਾ ਰਹੀਆਂ ਨਸ਼ੀਲੀਆਂ ਦਵਾਈਆਂ ਦੇ ਗੰਭੀਰ ਮੁੱਦੇ ਨੂੰ ਸਬੰਧਤ ਰਾਜਾਂ ਦੇ ਡੀਜੀਪੀਜ਼ ਕੋਲ ਉਠਾਇਆ ਹੈ ਤਾਂ ਜੋ ਪੰਜਾਬ ਵਿੱਚ ਅਜਿਹੀਆਂ ਪਾਬੰਦੀਸ਼ੁਦਾ ਨਸ਼ਿਆਂ ਦੀ ਗੈਰ-ਕਾਨੂੰਨੀ ਸਪਲਾਈ ਨੂੰ ਰੋਕਣ ਲਈ ਠੋਸ ਯਤਨ ਕੀਤੇ ਜਾ ਸਕਣ।

ਪਰੇਡ ਤੋਂ ਬਾਅਦ, ਡੀ.ਜੀ.ਪੀ. ਗੌਰਵ ਯਾਦਵ ਨੇ ਨਿੱਜੀ ਤੌਰ 'ਤੇ ਪੁਲਿਸ ਸ਼ਹੀਦਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ, ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਧੀਰਜ ਨਾਲ ਸੁਣਿਆ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵਿਭਾਗ ਉਨ੍ਹਾਂ ਦੀ ਭਲਾਈ ਲਈ ਹਮੇਸ਼ਾ ਇੱਕ ਮਜ਼ਬੂਤ ਸਹਾਰਾ ਬਣੇ ਰਹਿਣਗੇ।

ਇਸ ਮੌਕੇ ਮੌਜੂਦ ਪ੍ਰਮੁੱਖ ਸ਼ਖਸੀਅਤਾਂ ਵਿੱਚ ਵਿਸ਼ੇਸ਼ ਡੀ.ਜੀ.ਪੀਜ਼., ਏ.ਡੀ.ਜੀ.ਪੀਜ਼., ਆਈ.ਜੀਜ਼., ਡੀ.ਆਈ.ਜੀਜ਼. ਅਤੇ ਸੂਬੇ ਭਰ ਦੇ ਹੋਰ ਸੀਨੀਅਰ ਪੁਲਿਸ ਅਧਿਕਾਰੀ ਸ਼ਾਮਲ ਸਨ।

### ਪੁਲਿਸ ਯਾਦਗਾਰੀ ਦਿਵਸ ਦਾ ਇਤਿਹਾਸ

ਪੁਲਿਸ ਯਾਦਗਾਰੀ ਦਿਵਸ ਮਨਾਉਣ ਦੀ ਪਰੰਪਰਾ 21 ਅਕਤੂਬਰ 1959 ਤੋਂ ਸ਼ੁਰੂ ਹੋਈ ਸੀ, ਜਦੋਂ ਲੱਦਾਖ ਦੇ ਹੌਟ ਸਪ੍ਰਿੰਗਜ਼ ਵਿਖੇ ਸਬ-ਇੰਸਪੈਕਟਰ ਕਰਮ ਸਿੰਘ ਦੀ ਅਗਵਾਈ ਵਿੱਚ ਸੀ.ਆਰ.ਪੀ.ਐੱਫ. ਦੀ ਇੱਕ ਗਸ਼ਤ ਪਾਰਟੀ 'ਤੇ ਚੀਨੀ ਫ਼ੌਜਾਂ ਨੇ ਘਾਤ ਲਗਾ ਕੇ ਹਮਲਾ ਕਰ ਦਿੱਤਾ ਸੀ, ਜਿਸ ਵਿੱਚ ਦਸ ਬਹਾਦਰ ਜਵਾਨ ਸ਼ਹੀਦ ਹੋ ਗਏ ਸਨ।

16,000 ਫ਼ੁੱਟ ਦੀ ਉਚਾਈ 'ਤੇ ਅਤੇ ਠੰਢੇ ਮੌਸਮ ਵਿੱਚ ਉਨ੍ਹਾਂ ਨੇ ਬੇਮਿਸਾਲ ਕੁਰਬਾਨੀ ਦਿੱਤੀ। ਉਦੋਂ ਤੋਂ ਲੈ ਕੇ ਹਰ ਸਾਲ 21 ਅਕਤੂਬਰ ਨੂੰ ਦੇਸ਼ ਭਰ ਦੀਆਂ ਸਾਰੀਆਂ ਪੁਲਿਸ ਯੂਨਿਟਾਂ ਵਿੱਚ ਡਿਊਟੀ ਦੌਰਾਨ ਜਾਨਾਂ ਕੁਰਬਾਨ ਕਰਨ ਵਾਲੇ ਪੁਲਿਸ ਕਰਮਚਾਰੀਆਂ ਨੂੰ ਸ਼ਰਧਾਂਜਲੀ ਦੇਣ ਲਈ ਇਹ ਦਿਵਸ ਮਨਾਇਆ ਜਾਂਦਾ ਹੈ।

# ਪਰਿਵਾਰ ਵਿਛੋੜਾ ਪਬਲਿਕ ਸਕੂਲ ਦੇ ਖਿਡਾਰੀਆਂ ਨੇ ਬਲਾਕ ਪੱਧਰੀ ਖੇਡਾਂ ਵਿੱਚ ਮਾਰੀਆਂ ਮੱਲਾਂ



**ਨੰਗਲ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ, ਬਹਾਦਰਗੜ੍ਹ, ਪਟਿਆਲਾ ਦੀ ਰਹਿਨੁਮਾਈ ਹੇਠ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਵਿੱਦਿਆ ਸਕੱਤਰ ਸ. ਸੁਖਮਿੰਦਰ ਸਿੰਘ ਅਤੇ ਸਹਾਇਕ ਡਾਇਰੈਕਟਰ ਬੀਬਾ ਸਤਵੰਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪ੍ਰਿੰਸੀਪਲ ਸ. ਸਰਬਜੀਤ ਸਿੰਘ ਦੀ ਅਗਵਾਈ ਹੇਠ ਚੱਲ ਰਹੇ ਪਰਿਵਾਰ ਵਿਛੋੜਾ ਪਬਲਿਕ ਸਕੂਲ, ਸਰਸਾ ਨੰਗਲ ਦੇ ਵਿਦਿਆਰਥੀਆਂ ਨੇ ਬਲਾਕ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਕੂਲ ਵਿਖੇ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਸਕੂਲ ਦੀ ਕਬੱਡੀ ਅੰਡਰ-11 ਲੜਕਿਆਂ ਦੀ ਟੀਮ ਅਤੇ ਲੜਕੀਆਂ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਕੁਸ਼ਤੀ ਦੇ ਮੁਕਾਬਲੇ ਵਿੱਚ ਵਿਦਿਆਰਥੀ ਅਮਨਪ੍ਰੀਤ ਸਿੰਘ ਨੇ ਦੂਜਾ ਸਥਾਨ ਹਾਸਲ ਕਰਕੇ ਸਕੂਲ ਲਈ ਮਾਣ ਵਾਲੀ ਪ੍ਰਾਪਤੀ ਕੀਤੀ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਪ੍ਰਿੰਸੀਪਲ ਸ. ਸਰਬਜੀਤ ਸਿੰਘ ਨੇ ਕਿਹਾ ਕਿ ਖੇਡਾਂ ਵਿਦਿਆਰਥੀ ਜੀਵਨ ਦਾ ਅਹਿਮ ਹਿੱਸਾ ਹਨ।

ਇਹ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਟੀਮ ਭਾਵਨਾ ਅਤੇ ਸਹਿਯੋਗ ਦੀ ਭਾਵਨਾ ਪੈਦਾ ਕਰਦੀਆਂ ਹਨ। ਉਨ੍ਹਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਸਾਰੇ ਖਿਡਾਰੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ।



# ਹਰਿਆਣਾ ਖ਼ਬਰਨਾਮਾ



## ਬਕਾਇਆ ਸ਼ਿਕਾਇਤਾਂ ਦੇ ਨਿਪਟਾਰੇ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼, ਮੁੱਖ ਮੰਤਰੀ ਦੇ ਵਿਸ਼ੇਸ਼ ਅਧਿਕਾਰੀ ਭੋਪਾਲ ਸਿੰਘ ਖਦਰੀ ਨੇ ਅਧਿਕਾਰੀਆਂ ਨਾਲ ਕੀਤੀ ਬੈਠਕ



**ਚੰਡੀਗੜ੍ਹ, 23 ਅਕਤੂਬਰ**
**-ਸੰਜੀਵ ਸ਼ਰਮਾ-**

: ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਵਿਸ਼ੇਸ਼ ਅਧਿਕਾਰੀ ਭੋਪਾਲ ਸਿੰਘ ਖਦਰੀ ਨੇ ਮੁੱਖ ਮੰਤਰੀ ਸ਼ਿਕਾਇਤ ਖਿੜਕੀ ਅਤੇ ਜਨ-ਸੰਵਾਦ ਰਾਹੀਂ ਮਿਲੀਆਂ ਲੰਬਿਤ ਸ਼ਿਕਾਇਤਾਂ ਦੇ ਨਿਪਟਾਰੇ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਨਿਰਧਾਰਤ ਸਮੇਂ ਅੰਦਰ ਹੱਲ ਕੀਤਾ ਜਾਵੇ। ਬੈਠਕ ਦੌਰਾਨ ਉਨ੍ਹਾਂ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਤੋਂ ਸ਼ਿਕਾਇਤਾਂ 'ਤੇ ਕੀਤੀ ਕਾਰਵਾਈ ਦੀ ਰਿਪੋਰਟ ਅਤੇ ਲੰਬਿਤ ਮਾਮਲਿਆਂ ਦੀ ਸਥਿਤੀ ਬਾਰੇ ਜਾਣਕਾਰੀ ਲਈ। ਉਨ੍ਹਾਂ ਸਪੱਸ਼ਟ ਕੀਤਾ ਕਿ ਸਿਰਫ਼ ਕਾਗਜ਼ਾਂ ਵਿੱਚ ਕਾਰਵਾਈ ਦਰਜ ਕਰਨਾ ਕਾਫ਼ੀ ਨਹੀਂ, ਸਗੋਂ ਸ਼ਿਕਾਇਤਕਰਤਾ ਨੂੰ ਅਸਲ ਰਾਹਤ ਮਿਲਣੀ ਵੀ ਯਕੀਨੀ ਬਣਾਈ ਜਾਵੇ। ਖਦਰੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸ਼ਿਕਾਇਤਾਂ ਨੂੰ ਇੱਕ ਦਫ਼ਤਰ ਤੋਂ ਦੂਜੇ ਦਫ਼ਤਰ ਭੇਜ ਕੇ ਲਟਕਾਇਆ ਨਾ ਜਾਵੇ। ਹਰੇਕ ਮਾਮਲੇ ਦੀ ਨਿਯਮਤ ਸਮੀਖਿਆ ਕੀਤੀ ਜਾਵੇ ਅਤੇ ਬੇਵਜ੍ਹਾ ਦੇਰੀ ਕਰਨ ਵਾਲਿਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇ।

## ਬੱਚਿਆਂ ਵਿਰੁੱਧ ਹੁੰਦੇ ਅਪਰਾਧਾਂ ਨੂੰ ਲੈ ਕੇ ਰਾਜ ਸਰਕਾਰ ਦੀ ਹੈ 'ਜ਼ੀਰੋ ਟਾਲਰੈਂਸ' ਦੀ ਨੀਤੀ

**ਚੰਡੀਗੜ੍ਹ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਸਰਕਾਰ ਰਾਜ ਵਿੱਚ ਬੱਚਿਆਂ ਵਿਰੁੱਧ ਹੁੰਦੇ ਕਿਸੇ ਵੀ ਕਿਸਮ ਦੇ ਅਪਰਾਧ ਨੂੰ ਲੈ ਕੇ 'ਜ਼ੀਰੋ ਟਾਲਰੈਂਸ' ਦੀ ਨੀਤੀ 'ਤੇ ਕੰਮ ਕਰ ਰਹੀ ਹੈ। ਬੱਚਿਆਂ ਦਾ ਜਿਨਸੀ ਸ਼ੋਸ਼ਣ ਕਰਨਾ ਜਾਂ ਕਰਵਾਉਣਾ, ਜਿਨਸੀ ਉਤਪੀੜਨ ਦੀ ਕੋਸ਼ਿਸ਼ ਕਰਨਾ ਜਾਂ ਕਰਵਾਉਣਾ ਅਤੇ ਅਸ਼ਲੀਲ ਸਮੱਗਰੀ ਲਈ ਬੱਚਿਆਂ ਦੀ ਵਰਤੋਂ ਕਰਨਾ ਜਾਂ ਕਰਵਾਉਣਾ 'ਲਿੰਗਕ ਅਪਰਾਧਾਂ ਤੋਂ ਬਾਲਕਾਂ ਦਾ ਸੁਰੱਖਿਆ ਐਕਟ, 2012 (POCSO ACT)Ó (2019 ਵਿੱਚ ਸੋਧਿਆ) ਦੇ ਤਹਿਤ ਗੰਭੀਰ ਅਪਰਾਧ ਦੀ ਸ਼੍ਰੇਣੀ ਵਿੱਚ ਆਉਂਦਾ ਹੈ।

ਇੱਕ ਸਰਕਾਰੀ ਬੁਲਾਰੇ ਨੇ ਇਸ ਐਕਟ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਦੋਂ ਇਹ ਅਪਰਾਧ ਬੱਚਿਆਂ ਦੇ ਸਰਪ੍ਰਸਤ, ਜਿਵੇਂ ਉਨ੍ਹਾਂ ਦੀ ਦੇਖਭਾਲ ਕਰਨ ਵਾਲੀ ਸੰਸਥਾ ਦਾ ਕੋਈ ਵਿਅਕਤੀ, ਲੋਕ ਸੇਵਕ, ਪੁਲਿਸ ਬਲ ਜਾਂ ਵਿਦਿਅਕ ਸੰਸਥਾ ਦੇ ਵਿਅਕਤੀ ਆਦਿ ਵੱਲੋਂ ਕੀਤਾ ਜਾਂਦਾ ਹੈ, ਤਾਂ ਉਸ ਨੂੰ ਨਿਰਧਾਰਿਤ ਪ੍ਰਸਥਿਤੀਆਂ ਵਿੱਚ ਘੱਟੋ-ਘੱਟ 20 ਸਾਲ ਦੀ ਕੈਦ ਜਾਂ ਫਾਂਸੀ (ਮੌਤ ਦੀ ਸਜ਼ਾ) ਤੱਕ ਦੀ ਸਜ਼ਾ ਦਿੱਤੀ ਜਾ ਸਕਦੀ ਹੈ।

ਇਸ ਤੋਂ ਇਲਾਵਾ, ਅਜਿਹੀਆਂ ਘਟਨਾਵਾਂ ਨੂੰ ਲੁਕਾਉਣਾ ਜਾਂ ਪੁਲਿਸ ਨੂੰ ਸੂਚਨਾ ਨਾ ਦੇਣਾ ਵੀ ਕਾਨੂੰਨਨ ਅਪਰਾਧ ਹੈ, ਜਿਸ ਵਿੱਚ 6 ਮਹੀਨੇ ਤੋਂ 1 ਸਾਲ ਤੱਕ ਦੀ ਕੈਦ ਦਾ ਸਖ਼ਤ ਪ੍ਰਬੰਧ ਕੀਤਾ ਗਿਆ ਹੈ।

ਉਨ੍ਹਾਂ ਨੇ ਹਰਿਆਣਾ ਦੇ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਪੀੜਤਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਕਾਰ ਬੱਚਿਆਂ ਨੂੰ ਲਿੰਗਕ ਅਪਰਾਧਾਂ ਤੋਂ ਪੂਰੀ ਸੁਰੱਖਿਆ ਪ੍ਰਦਾਨ ਕਰਨ ਦੇ ਨਾਲ-ਨਾਲ ਮੁਫ਼ਤ ਮੈਡੀਕਲ ਸਹੂਲਤ, ਕਾਊਂਸਲਿੰਗ ਅਤੇ ਸੰਸਥਾਗਤ ਸੇਵਾਵਾਂ ਉਪਲਬਧ ਕਰਵਾਉਂਦੀ ਹੈ, ਜਦਕਿ ਇਸ ਦੌਰਾਨ ਬੱਚੇ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਂਦੀ ਹੈ।

ਬੁਲਾਰੇ ਨੇ ਆਮ ਜਨਤਾ ਤੋਂ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਬੱਚੇ ਨਾਲ ਇਸ ਤਰ੍ਹਾ ਦੀ ਘਟਨਾ ਦੀ ਜਾਣਕਾਰੀ ਮਿਲੇ, ਤਾਂ ਉਸ ਦੀ ਰਿਪੋਰਟ ਤੁਰੰਤ ਸਥਾਨਕ ਪੁਲਿਸ, ਚਾਈਲਡ ਹੈਲਪਲਾਈਨ ਨੰਬਰ 1098 ਜਾਂ 112, ਸਥਾਨਕ ਬਾਲ ਭਲਾਈ ਕਮੇਟੀ ਜਾਂ ਜ਼ਿਲ੍ਹਾ ਬਾਲ ਸੁਰੱਖਿਆ ਇਕਾਈ ਨੂੰ ਜ਼ਰੂਰ ਦਿਓ। ਨਾਗਰਿਕ ਇਸ ਸਬੰਧ ਵਿੱਚ ਵਧੇਰੇ ਜਾਣਕਾਰੀ ਲਈ ਵਿਭਾਗ ਦੀ ਅਧਿਕਾਰਤ ਵੈੱਬਸਾਈਟ wcdhry.gov.in 'ਤੇ ਵੀ ਸੰਪਰਕ ਕਰ ਸਕਦੇ ਹਨ।

## ਸਿੰਚਾਈ ਨਾਲ ਜੁੜੀਆਂ ਲੰਬਿਤ ਸਮੱਸਿਆਵਾਂ ਦਾ ਪਹਿਲ ਦੇ ਅਧਾਰ 'ਤੇ ਕੀਤਾ ਜਾਵੇ ਹੱਲ : ਸ਼ਰੂਤੀ ਚੌਧਰੀ

**ਚੰਡੀਗੜ੍ਹ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੀ ਸਿੰਚਾਈ ਅਤੇ ਜਲ ਸਰੋਤ ਮੰਤਰੀ ਸ਼੍ਰੀਮਤੀ ਸ਼ਰੂਤੀ ਚੌਧਰੀ ਨੇ ਅੱਜ ਇੱਥੇ ਚਰਖ਼ੀ ਦਾਦਰੀ ਅਤੇ ਭਿਵਾਨੀ ਜ਼ਿਲ੍ਹਿਆਂ ਵਿੱਚ ਸਿੰਚਾਈ ਨਾਲ ਜੁੜੀਆਂ ਸਮੱਸਿਆਵਾਂ, ਚੱਲ ਰਹੇ ਪ੍ਰੋਜੈਕਟਾਂ ਅਤੇ ਪ੍ਰਸਤਾਵਿਤ ਵਿਕਾਸ ਕਾਰਜਾਂ ਦੀ ਵਿਆਪਕ ਸਮੀਖਿਆ ਕਰਦਿਆਂ ਅਧਿਕਾਰੀਆਂ ਨੂੰ ਲੰਬਿਤ ਮਾਮਲਿਆਂ ਦਾ ਪਹਿਲ ਦੇ ਅਧਾਰ 'ਤੇ ਹੱਲ ਕਰਨ ਅਤੇ ਵਿਕਾਸ ਪ੍ਰੋਜੈਕਟਾਂ ਨੂੰ ਲਾਗੂ ਕਰਨ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ।

ਸਿੰਚਾਈ ਅਤੇ ਜਲ ਸਰੋਤ ਮੰਤਰੀ ਨੇ ਐਲ.ਡਬਲਯੂ.ਐਸ. ਅਤੇ ਵਾਈ.ਡਬਲਯੂ.ਐਸ. ਸਰਕਲ, ਭਿਵਾਨੀ ਦੇ ਅਧਿਕਾਰੀਆਂ ਨਾਲ ਇੱਕ ਸਮੀਖਿਆ ਮੀਟਿੰਗ ਵਿੱਚ ਜੰਗਲਾਤ ਸਬੰਧੀ ਮਨਜ਼ੂਰੀਆਂ, ਪਾਣੀ ਦੀ ਚੋਰੀ ਰੋਕਣ, ਜ਼ਮੀਨ ਦੀ ਅਲਾਈਨਮੈਂਟ (ਸੰਰੇਖਣ) ਅਤੇ ਨਾਜਾਇਜ਼ ਕਬਜ਼ਿਆਂ ਨਾਲ ਜੁੜੇ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ।

ਉਨ੍ਹਾਂ ਕਿਹਾ ਕਿ ਲੰਬਿਤ ਮਨਜ਼ੂਰੀਆਂ ਅਤੇ ਹੋਰ ਸਮੱਸਿਆਵਾਂ ਦਾ ਜਲਦੀ ਹੱਲ ਕੀਤਾ ਜਾਵੇ, ਤਾਂ ਜੋ



ਵਿਕਾਸ ਕਾਰਜਾਂ ਵਿੱਚ ਬੇਲੋੜੀ ਦੇਰੀ ਨਾ ਹੋਵੇ ਅਤੇ ਪ੍ਰੋਜੈਕਟਾਂ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨਾ ਯਕੀਨੀ ਬਣਾਇਆ ਜਾ ਸਕੇ।

ਸ਼੍ਰੀਮਤੀ ਸ਼ਰੂਤੀ ਚੌਧਰੀ ਨੇ ਪਿਛਲੇ ਤਿੰਨ ਸਾਲਾਂ ਦੌਰਾਨ ਕੀਤੇ ਗਏ ਹੜ੍ਹ ਸੁਰੱਖਿਆ ਅਤੇ ਰੱਖ-ਰਖਾਅ ਕਾਰਜਾਂ ਦੀ ਪ੍ਰਗਤੀ ਦੀ ਵੀ ਸਮੀਖਿਆ ਕੀਤੀ। ਉਨ੍ਹਾਂ ਇਨ੍ਹਾਂ ਕਾਰਜਾਂ ਦੇ ਸਬੰਧ ਵਿੱਚ ਜ਼ਰੂਰੀ ਕਾਰਵਾਈ ਕਰਦਿਆਂ ਭਵਿੱਖ ਲਈ ਬਿਹਤਰ ਯੋਜਨਾ ਤਿਆਰ ਕਰਨ 'ਤੇ ਜ਼ੋਰ ਦਿੱਤਾ, ਤਾਂ ਜੋ ਹੜ੍ਹ ਸੁਰੱਖਿਆ ਨਾਲ ਸਬੰਧਤ ਕਾਰਜਾਂ ਦਾ ਸਮਾਂਬੱਧ ਢੰਗ ਨਾਲ ਅਮਲ ਹੋ ਸਕੇ ਅਤੇ ਸਿੰਚਾਈ ਢਾਂਚੇ ਦਾ ਪ੍ਰਭਾਵੀ ਰੱਖ-ਰਖਾਅ ਯਕੀਨੀ ਬਣਾਇਆ ਜਾ ਸਕੇ।

ਮੀਟਿੰਗ ਵਿੱਚ ਲੋਹਾਰੂ, ਭਿਵਾਨੀ, ਤੋਸ਼ਾਮ, ਬਵਾਨੀ ਖੇੜਾ ਅਤੇ ਬਾਡੜਾ ਵਿਧਾਨ ਸਭਾ ਹਲਕਿਆਂ ਵਿੱਚ ਸਿੰਚਾਈ ਨਾਲ ਸਬੰਧਤ ਲੰਬਿਤ ਸਮੱਸਿਆਵਾਂ, ਚੱਲ ਰਹੇ ਪ੍ਰੋਜੈਕਟਾਂ ਅਤੇ ਪ੍ਰਸਤਾਵਿਤ ਵਿਕਾਸ ਕਾਰਜਾਂ ਦੀ ਵੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ। ਮੰਤਰੀ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਖੇਤਰ ਦੀਆਂ ਸਮੱਸਿਆਵਾਂ ਦਾ ਜਲਦੀ ਹੱਲ ਕੀਤਾ ਜਾਵੇ ਅਤੇ ਮਨਜ਼ੂਰਸ਼ੁਦਾ ਅਤੇ ਚੱਲ ਰਹੇ ਪ੍ਰੋਜੈਕਟਾਂ ਨੂੰ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਪੂਰਾ ਕਰਨ ਲਈ ਜ਼ਰੂਰੀ ਕਦਮ ਚੁੱਕੇ ਜਾਣ।

ਸਿੰਚਾਈ ਮੰਤਰੀ ਨੇ ਕਿਹਾ ਕਿ ਸਿੰਚਾਈ ਪ੍ਰਣਾਲੀ ਨੂੰ ਮਜ਼ਬੂਤ ਕਰਨਾ, ਜਲ ਸਰੋਤਾਂ ਦਾ ਬਿਹਤਰ ਪ੍ਰਬੰਧਨ ਯਕੀਨੀ ਬਣਾਉਣਾ ਅਤੇ ਕਿਸਾਨਾਂ ਨੂੰ ਸਿੰਚਾਈ ਸਬੰਧਤ ਸਮੱਸਿਆਵਾਂ ਤੋਂ ਰਾਹਤ ਦਿਵਾਉਣਾ ਸਰਕਾਰ ਦੀਆਂ ਪਹਿਲਾਂ ਵਿੱਚ ਸ਼ਾਮਲ ਹੈ।

ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਆਪਸੀ ਤਾਲਮੇਲ ਨਾਲ ਕੰਮ ਕਰਦਿਆਂ ਪ੍ਰੋਜੈਕਟਾਂ ਦੀ ਨਿਯਮਤ ਨਿਗਰਾਨੀ ਕਰਨ ਅਤੇ ਲੋਕ ਹਿੱਤ ਨਾਲ ਜੁੜੇ ਕਾਰਜਾਂ ਨੂੰ ਤਰਜੀਹ ਦੇਣ।






## ਤਿਉਹਾਰੀ ਸੀਜ਼ਨ ਵਿੱਚ ਖੁਰਾਕ ਸੁਰੱਖਿਆ ਨਿਗਰਾਨੀ ਮੁਹਿੰਮ ਤੇਜ਼ ਕਰੋ : ਆਰਤੀ ਸਿੰਘ ਰਾਓ

**➢ ਹਰ ਜ਼ਿਲ੍ਹੇ ਵਿੱਚ 100-150 ਸਰਵੇਲੈਂਸ ਸੈਂਪਲ ਲੈਣ ਦੇ ਨਿਰਦੇਸ਼ ➢ ਜ਼ਿਲ੍ਹਾ ਪੱਧਰੀ ਵਿਸ਼ੇਸ਼ ਖੁਰਾਕ ਨਿਗਰਾਨੀ ਟੀਮਾਂ ਦਾ ਗਠਨ ਕਰੋ ➢ ਰਾਜ ਸਰਕਾਰ ਹਰ ਨਾਗਰਿਕ ਨੂੰ ਸੁਰੱਖਿਅਤ ਖਾਣ-ਪੀਣ ਦੀਆਂ ਵਸਤੂਆਂ ਉਪਲਬਧ ਕਰਵਾਉਣ ਲਈ ਵਚਨਬੱਧ**

**ਚੰਡੀਗੜ੍ਹ, 23 ਅਕਤੂਬਰ**
**-ਸੰਜੀਵ ਸ਼ਰਮਾ-**

ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਤਿਉਹਾਰੀ ਸੀਜ਼ਨ ਨੂੰ ਦੇਖਦੇ ਹੋਏ ਰਾਜ ਵਿੱਚ ਖੁਰਾਕ ਸੁਰੱਖਿਆ ਨਿਗਰਾਨੀ ਮੁਹਿੰਮ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਨੇ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ (ਖੁਰਾਕ ਅਤੇ ਔਸ਼ਧੀ ਪ੍ਰਸ਼ਾਸਨ) ਨੂੰ ਹਰ ਜ਼ਿਲ੍ਹੇ ਵਿੱਚ ਖਾਣ-ਪੀਣ ਦੀਆਂ ਵਸਤੂਆਂ ਦੇ 100-150 ਸਰਵੇਲੈਂਸ ਸੈਂਪਲ (ਨਮੂਨੇ) ਲੈਣ ਦੇ ਨਿਰਦੇਸ਼ ਦਿੱਤੇ ਹਨ।

ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਦੇ ਕਮਿਸ਼ਨਰ ਡਾ. ਮਨੋਜ ਕੁਮਾਰ ਨੇ ਦੱਸਿਆ ਕਿ ਸਿਹਤ ਮੰਤਰੀ ਨੇ ਰਾਜ ਭਰ ਵਿੱਚ ਖੁਰਾਕ ਸੁਰੱਖਿਆ ਨਿਗਰਾਨੀ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਦੇ ਜੋ ਨਿਰਦੇਸ਼ ਦਿੱਤੇ ਹਨ, ਉਨ੍ਹਾਂ ਦਾ ਮੁੱਖ ਮਨੋਰਥ ਆਮ ਜਨਤਾ ਨੂੰ ਸੁਰੱਖਿਅਤ, ਸ਼ੁੱਧ, ਮਿਆਰੀ ਅਤੇ ਮਿਲਾਵਟ ਰਹਿਤ ਖਾਣ-ਪੀਣ ਵਾਲੀਆਂ ਵਸਤੂਆਂ ਉਪਲਬਧ ਕਰਵਾਉਣਾ ਹੈ। ਵਿਸ਼ੇਸ਼ ਤੌਰ 'ਤੇ ਦਿਵਾਲੀ ਅਤੇ ਛੱਠ ਪੂਜਾ ਦੇ ਤਿਉਹਾਰੀ ਸੀਜ਼ਨ ਦੌਰਾਨ ਮਿਠਾਈਆਂ, ਦੁੱਧ ਅਤੇ ਦੁੱਧ ਦੇ ਉਤਪਾਦਾਂ ਦੀ ਵਧਦੀ ਖਪਤ ਨੂੰ ਧਿਆਨ ਵਿੱਚ ਰੱਖਦੇ ਹੋਏ ਖਾਣ-ਪੀਣ ਵਾਲੀਆਂ ਵਸਤੂਆਂ ਦੀ ਗੁਣਵੱਤਾ ਅਤੇ ਸੁਰੱਖਿਆ ਯਕੀਨੀ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਇਸ ਵਿਸ਼ੇਸ਼ ਮੁਹਿੰਮ ਤਹਿਤ ਹਰਿਆਣਾ ਦੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਪੱਤਰ ਲਿਖ ਕੇ ਕਿਹਾ ਗਿਆ ਹੈ ਕਿ ਉਹ ਜ਼ਿਲ੍ਹਾ ਪ੍ਰਸ਼ਾਸਨ ਦੀ ਦੇਖ-ਰੇਖ ਹੇਠ ਸਬੰਧਤ ਡੈਜ਼ਿਗਨੇਟਿਡ ਅਧਿਕਾਰੀ (ਫੂਡ ਸੇਫਟੀ) ਅਤੇ ਫੂਡ ਸੇਫਟੀ ਅਧਿਕਾਰੀਆਂ ਦੇ ਤਾਲਮੇਲ ਨਾਲ ਜ਼ਿਲ੍ਹਾ ਪੱਧਰੀ ਵਿਸ਼ੇਸ਼ ਫੂਡ ਸਰਵੇਲੈਂਸ ਟੀਮਾਂ ਦਾ ਗਠਨ ਕਰਨ। ਇਹ ਟੀਮਾਂ ਮੁੱਖ ਬਾਜ਼ਾਰਾਂ, ਮਿਠਾਈਆਂ ਦੀਆਂ ਦੁਕਾਨਾਂ, ਡੇਅਰੀਆਂ, ਦੁੱਧ ਵਿਕਰੇਤਾਵਾਂ ਅਤੇ ਹੋਰ ਫੂਡ ਬਿਜ਼ਨਸ ਅਦਾਰਿਆਂ ਵਿੱਚ ਨਿਰੀਖਣ ਅਤੇ ਸਰਵੇਲੈਂਸ ਸੈਂਪਲਿੰਗ ਕਰਨਗੀਆਂ, ਤਾਂ ਜੋ ਘਟੀਆ ਮਿਆਰ ਵਾਲੀਆਂ, ਮਿਲਾਵਟੀ ਅਤੇ ਅਸੁਰੱਖਿਅਤ ਖਾਣ-ਪੀਣ ਦੀਆਂ ਵਸਤੂਆਂ ਦੀ ਪਛਾਣ ਕੀਤੀ ਜਾ ਸਕੇ।

ਜ਼ਿਲ੍ਹਾ ਪੱਧਰੀ ਵਿਸ਼ੇਸ਼ ਨਿਗਰਾਨੀ ਟੀਮਾਂ ਨੂੰ ਨਿਯਮਤ ਰੂਪ ਵਿੱਚ ਫੂਡ ਸੇਫਟੀ ਅਧਿਕਾਰੀਆਂ ਵੱਲੋਂ ਲਏ ਜਾਣ ਵਾਲੇ ਸੈਂਪਲਾਂ ਤੋਂ ਇਲਾਵਾ ਪ੍ਰਤੀ ਜ਼ਿਲ੍ਹਾ 100 ਤੋਂ 150 ਸਰਵੇਲੈਂਸ ਖੁਰਾਕ ਸੈਂਪਲ ਲੈਣ ਦਾ ਟੀਚਾ ਦਿੱਤਾ ਗਿਆ ਹੈ। ਇਸ ਪਹਿਲਕਦਮੀ ਦਾ ਮਨੋਰਥ ਸੁਤੰਤਰ ਨਿਗਰਾਨੀ ਪ੍ਰਣਾਲੀ ਨੂੰ ਮਜ਼ਬੂਤ ਕਰਨਾ, ਵਧ ਤੋਂ ਵਧ ਬਾਜ਼ਾਰਾਂ ਨੂੰ ਮੁਹਿੰਮ ਦੇ ਘੇਰੇ ਵਿੱਚ ਲਿਆਉਣਾ ਅਤੇ ਰਾਜ ਭਰ ਵਿੱਚ ਖਾਣ-ਪੀਣ ਦੀਆਂ ਵਸਤੂਆਂ ਦੀ ਗੁਣਵੱਤਾ ਅਤੇ ਸੁਰੱਖਿਆ ਦੀ ਪ੍ਰਭਾਵਸ਼ਾਲੀ ਨਿਗਰਾਨੀ ਯਕੀਨੀ ਬਣਾਉਣਾ ਹੈ।

ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੌਰਾਨ ਮਿਠਾਈਆਂ, ਦੁੱਧ, ਪਨੀਰ, ਖੋਆ, ਘਿਓ ਅਤੇ ਹੋਰ ਆਮ ਵਰਤੋਂ ਵਾਲੀਆਂ ਖਾਣ-ਪੀਣ ਦੀਆਂ ਵਸਤੂਆਂ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।

ਡਾ. ਮਨੋਜ ਕੁਮਾਰ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਸਾਰੇ ਸਰਵੇਲੈਂਸ ਸੈਂਪਲ ਨਿਰਧਾਰਿਤ



ਪ੍ਰਕਿਰਿਆ ਅਨੁਸਾਰ ਲਏ ਜਾਣ, ਉਨ੍ਹਾਂ ਦਾ ਉਚਿਤ ਦਸਤਾਵੇਜ਼ੀਕਰਨ ਕੀਤਾ ਜਾਵੇ ਅਤੇ ਵਿਸ਼ਲੇਸ਼ਣ ਲਈ ਸਮੇਂ ਸਿਰ ਸਬੰਧਤ ਫੂਡ ਟੈਸਟਿੰਗ ਲੈਬਾਰਟਰੀਆਂ ਵਿੱਚ ਭੇਜਿਆ ਜਾਵੇ। ਲੈਬਾਰਟਰੀਆਂ ਤੋਂ ਪ੍ਰਾਪਤ ਵਿਸ਼ਲੇਸ਼ਣ ਰਿਪੋਰਟਾਂ ਦੀ ਨਿਯਮਤ ਨਿਗਰਾਨੀ ਕੀਤੀ ਜਾਵੇਗੀ ਅਤੇ ਨਿਰਧਾਰਿਤ ਮਾਪਦੰਡਾਂ ਅਨੁਸਾਰ ਨਾ ਪਾਏ ਜਾਣ ਵਾਲੇ ਸੈਂਪਲਾਂ ਦੇ ਮਾਮਲਿਆਂ ਵਿੱਚ ਨਿਯਮਾਂ ਅਨੁਸਾਰ ਤੁਰੰਤ ਲੋੜੀਂਦੀ ਕਾਰਵਾਈ ਯਕੀਨੀ ਬਣਾਈ ਜਾਵੇਗੀ।

ਉਨ੍ਹਾਂ ਦੱਸਿਆ ਕਿ ਫੂਡ ਸੇਫਟੀ ਪ੍ਰਣਾਲੀ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਯਕੀਨੀ ਬਣਾਉਣ ਦੇ ਉਦੇਸ਼ ਨਾਲ ਐੱਫ.ਡੀ.ਏ. (641) ਹੈੱਡਕੁਆਰਟਰ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਲੈਬਾਰਟਰੀਆਂ ਤੋਂ ਪ੍ਰਾਪਤ ਵਿਸ਼ਲੇਸ਼ਣ ਰਿਪੋਰਟਾਂ ਦੇ ਆਧਾਰ 'ਤੇ ਘਟੀਆ ਗੁਣਵੱਤਾ ਵਾਲੇ ਅਤੇ ਅਸੁਰੱਖਿਅਤ ਪਾਏ ਗਏ ਫੂਡ ਸੈਂਪਲਾਂ ਨਾਲ ਸਬੰਧਤ ਡਾਟਾ ਹਰ ਹਫ਼ਤੇ ਵਿਭਾਗ ਦੇ ਰਾਜ ਪੋਰਟਲ 'ਤੇ ਅੱਪਲੋਡ ਕੀਤਾ ਜਾਵੇ। ਇਸ ਵਿਵਸਥਾ ਨਾਲ ਸੈਂਪਲਾਂ ਦੀਆਂ ਵਿਸ਼ਲੇਸ਼ਣ ਰਿਪੋਰਟਾਂ, ਜ਼ਿਲ੍ਹਾ-ਵਾਰ ਪ੍ਰਗਤੀ ਅਤੇ ਕੀਤੀ ਗਈ ਰੈਗੂਲੇਟਰੀ ਤੇ ਇਨਫੋਰਸਮੈਂਟ ਕਾਰਵਾਈ ਦੀ ਵਿਵਸਥਿਤ ਨਿਗਰਾਨੀ ਯਕੀਨੀ ਹੋਵੇਗੀ। ਨਾਲ ਹੀ, ਆਮ ਜਨਤਾ ਵਿੱਚ ਖੁਰਾਕ ਸੁਰੱਖਿਆ ਪ੍ਰਤੀ ਜਾਗਰੂਕਤਾ ਵਧਾਉਣ ਵਿੱਚ ਵੀ ਮਦਦ ਮਿਲੇਗੀ।

ਡਾ. ਮਨੋਜ ਕੁਮਾਰ ਨੇ ਦੱਸਿਆ ਕਿ ਫੂਡ ਸੇਫਟੀ ਅਧਿਕਾਰੀਆਂ ਵੱਲੋਂ ਹਰਿਆਣਾ ਵਿੱਚ 1 ਅਪ੍ਰੈਲ 2026 ਤੋਂ 30 ਸਤੰਬਰ 2026 ਤੱਕ ਦੀ ਮਿਆਦ ਦੌਰਾਨ ਕੁੱਲ 1,239 ਇਨਫੋਰਸਮੈਂਟ (Enforcement) ਸੈਂਪਲ ਅਤੇ 1,189 ਸਰਵੇਲੈਂਸ (Surveillance) ਸੈਂਪਲ, ਅਰਥਾਤ ਕੁੱਲ 2,428 ਫੂਡ ਸੈਂਪਲ ਲਏ ਗਏ।

ਲੈਬਾਰਟਰੀ ਵਿਸ਼ਲੇਸ਼ਣ ਤੋਂ ਬਾਅਦ ਇਹਨਾਂ ਵਿੱਚੋਂ 232 ਇਨਫੋਰਸਮੈਂਟ ਸੈਂਪਲ ਅਤੇ 149 ਸਰਵੇਲੈਂਸ ਸੈਂਪਲ ਨਿਰਧਾਰਿਤ ਖੁਰਾਕ ਸੁਰੱਖਿਆ ਮਾਪਦੰਡਾਂ ਦੇ ਅਨੁਕੂਲ ਨਹੀਂ ਪਾਏ ਗਏ। ਇਹਨਾਂ ਮਾਮਲਿਆਂ ਵਿੱਚ ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ, 2006 ਅਤੇ ਇਸਦੇ ਅਧੀਨ ਬਣਾਏ ਗਏ ਨਿਯਮਾਂ ਤੇ ਕਾਨੂੰਨਾਂ ਦੇ ਪ੍ਰਾਸੰਗਿਕ ਉਪਬੰਧਾਂ ਅਨੁਸਾਰ ਲੋੜੀਂਦੀ ਰੈਗੂਲੇਟਰੀ ਅਤੇ ਇਨਫੋਰਸਮੈਂਟ ਕਾਰਵਾਈ ਕੀਤੀ ਗਈ ਹੈ। ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਸਰਵੇਲੈਂਸ ਸੈਂਪਲਾਂ ਦੇ ਵਿਸ਼ਲੇਸ਼ਣ ਵਿੱਚ ਨਿਰਧਾਰਿਤ ਮਾਪਦੰਡਾਂ ਦੇ ਅਨੁਕੂਲ ਨਾ ਪਾਏ ਜਾਣ ਦੀ ਸਥਿਤੀ ਵਿੱਚ ਸਬੰਧਤ ਫੂਡ ਸੇਫਟੀ ਅਧਿਕਾਰੀ ਰਿਪੋਰਟ ਦੀ ਤੁਰੰਤ ਸਮੀਖਿਆ ਕਰਨਗੇ। ਜਿੱਥੇ ਲੋੜ ਹੋਵੇਗੀ, ਉੱਥੇ ਨਿਰਧਾਰਿਤ ਕਾਨੂੰਨੀ ਪ੍ਰਕਿਰਿਆ ਅਨੁਸਾਰ ਵੱਖਰੇ ਤੌਰ 'ਤੇ ਇਨਫੋਰਸਮੈਂਟ ਸੈਂਪਲ ਲੈ ਕੇ ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ, 2006 ਦੇ ਉਪਬੰਧਾਂ ਤਹਿਤ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਇਸ ਪ੍ਰਕਿਰਿਆ ਦਾ ਮਨੋਰਥ ਖੁਰਾਕ ਸੁਰੱਖਿਆ ਸਬੰਧੀ ਉਲੰਘਣਾਵਾਂ 'ਤੇ ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਕਾਰਵਾਈ ਯਕੀਨੀ ਬਣਾਉਣਾ ਹੈ।

ਉਨ੍ਹਾਂ ਕਿਹਾ ਕਿ ਵਿਭਾਗ ਇੱਕ ਮਜ਼ਬੂਤ ਫੂਡ ਸੇਫਟੀ ਨਿਗਰਾਨੀ ਪ੍ਰਣਾਲੀ, ਜ਼ਿਲ੍ਹਾ ਪ੍ਰਸ਼ਾਸਨ ਨਾਲ ਤਾਲਮੇਲ ਵਾਲੀ ਕਾਰਵਾਈ, ਲੈਬਾਰਟਰੀ ਰਿਪੋਰਟਾਂ ਦੀ ਨਿਯਮਤ ਸਮੀਖਿਆ ਅਤੇ ਫੂਡ ਸੇਫਟੀ ਕਾਨੂੰਨਾਂ ਦੇ ਪ੍ਰਭਾਵਸ਼ਾਲੀ ਲਾਗੂਕਰਨ ਰਾਹੀਂ ਜਨਤਕ ਸਿਹਤ ਦੀ ਰੱਖਿਆ ਲਈ ਵਚਨਬੱਧ ਹੈ। ਉਨ੍ਹਾਂ ਨੇ ਸਾਰੇ ਫੂਡ ਬਿਜ਼ਨਸ ਆਪਰੇਟਰਾਂ ਤੋਂ ਅਪੀਲ ਕੀਤੀ ਕਿ ਉਹ ਨਿਰਧਾਰਿਤ ਸਫ਼ਾਈ ਅਤੇ ਗੁਣਵੱਤਾ ਮਾਪਦੰਡਾਂ ਦੀ ਪਾਲਣਾ ਕਰਨ ਅਤੇ ਘਟੀਆ, ਮਿਲਾਵਟੀ ਜਾਂ ਅਸੁਰੱਖਿਅਤ ਖਾਣ-ਪੀਣ ਵਾਲੀਆਂ ਵਸਤੂਆਂ ਦਾ ਨਿਰਮਾਣ, ਭੰਡਾਰਨ, ਵੰਡ ਜਾਂ ਵਿਕਰੀ ਨਾ ਕਰਨ।

ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਆਮ ਜਨਤਾ ਤੋਂ ਵੀ ਅਪੀਲ ਕੀਤੀ ਕਿ ਉਹ ਖਾਣ-ਪੀਣ ਦੀਆਂ ਵਸਤੂਆਂ ਖਰੀਦਦੇ ਸਮੇਂ ਚੌਕਸ ਰਹਿਣ, ਭਰੋਸੇਯੋਗ ਸਰੋਤਾਂ ਤੋਂ ਹੀ ਖਾਣ-ਪੀਣ ਦੀ ਸਮੱਗਰੀ ਖਰੀਦਣ ਅਤੇ ਖੁਰਾਕ ਮਿਲਾਵਟ ਜਾਂ ਖੁਰਾਕ ਸੁਰੱਖਿਆ ਸਬੰਧੀ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਸੂਚਨਾ ਸਬੰਧਤ ਅਧਿਕਾਰੀਆਂ ਨੂੰ ਦੇਣ। ਰਾਜ ਸਰਕਾਰ ਪ੍ਰਭਾਵਸ਼ਾਲੀ ਨਿਗਰਾਨੀ, ਪਾਰਦਰਸ਼ਤਾ ਅਤੇ ਸਖ਼ਤ ਰੈਗੂਲੇਟਰੀ ਕਾਰਵਾਈ ਰਾਹੀਂ ਰਾਜ ਦੇ ਹਰੇਕ ਨਾਗਰਿਕ ਨੂੰ ਸੁਰੱਖਿਅਤ ਖਾਣ-ਪੀਣ ਦੀਆਂ ਵਸਤੂਆਂ ਉਪਲਬਧ ਕਰਵਾਉਣ ਲਈ ਵਚਨਬੱਧ ਹੈ।

## ਪੀ ਆਰ ਟੀ ਸੀ ਪੈਨਸ਼ਨਰਾਂ ਦੀ ਮਾਸਿਕ ਮੀਟਿੰਗ ਵਿਚ ਵਿਚਾਰੀਆਂ ਗਈਆਂ ਮੁੱਖ ਮੰਗਾਂ

**ਪਟਿਆਲਾ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਇੱਥੇ ਪੁਰਾਣੇ ਬੱਸ ਸਟੈਂਡ ਵਿਖੇ ਪੀ ਆਰ ਟੀ ਸੀ ਪੈਨਸ਼ਨਰਾਂ ਦੀ ਮਾਸਿਕ ਮੀਟਿੰਗ ਪੀ ਆਰ ਟੀ ਸੀ ਪੈਨਸ਼ਨਰਜ ਐਸੋਸੀਏਸ਼ਨ ਦੇ ਚੇਅਰਮੈਨ ਮੁਕੰਦ ਸਿੰਘ ਅਤੇ ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ਦੀ ਅਗਵਾਈ ਵਿੱਚ ਹੋਈ ਜਿਸ ਵਿੱਚ ਵੱਖ-ਵੱਖ ਡਿਪੂਆਂ ਨਾਲ ਸੰਬੰਧਿਤ ਪੈਨਸ਼ਨਰਾਂ ਨੇ ਭਾਰੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਵੱਖ ਵੱਖ ਬੁਲਾਰਿਆਂ ਨੇ ਪੈਨਸ਼ਨ ਹਰ ਮਹੀਨੇ ਦੀ 10 ਤਰੀਕ ਤੋਂ ਪਹਿਲਾਂ ਪਹਿਲਾਂ ਪਾਉਣ ਅਤੇ ਰਹਿੰਦੇ ਸਾਰੇ ਬਕਾਏ, ਜਿਵੇਂ ਕਿ 2016 ਦੇ ਪੇ ਕਮਿਸ਼ਨ ਦੇ ਬਕਾਏ, ਮੈਡੀਕਲ ਬਿਲਾਂ ਦੇ ਬਕਾਏ ਅਤੇ ਨਵੇਂ ਰਿਟਾਰੀਆਂ ਦੇ ਬਕਾਏ ਤੁਰੰਤ ਦੇਣ ਦੀ ਮੰਗ ਕੀਤੀ। ਮੀਟਿੰਗ ਦੀ ਸ਼ੁਰੂਆਤ ਸਦੀਵੀ ਵਿਛੋੜਾ ਦੇ ਗਏ ਕੁਝ ਪੈਨਸ਼ਨਰਾਂ ਅਤੇ ਉਹਨਾਂ ਦੇ ਸਬੰਧੀਆਂ ਨੂੰ ਸ਼ਰਧਾਂਜਲੀ ਦੇਣ ਉਪਰੰਤ ਸ਼ੁਰੂ ਹੋਈ। ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ਨੇ ਪਿਛਲੇ ਦਿਨੀ ਐਮ ਡੀ ਪੀ ਆਰ ਟੀ ਸੀ ਨਾਲ ਆਪਣੀਆਂ ਸਬੰਧਤ ਮੰਗਾਂ ਨੂੰ ਲੈ ਕੇ ਹੋਈ ਮੀਟਿੰਗ ਦਾ ਹਵਾਲਾ ਦਿੰਦਿਆਂ ਕਿਹਾ ਕਿ ਐਮ ਡੀ ਸਾਹਿਬਾ ਨੇ ਸਾਡੀ ਗੱਲ ਮੰਨ ਕੇ ਤੁਰੰਤ ਡੀ ਏ ਦੇ ਹੁਕਮ



ਜਾਰੀ ਕਰ ਦਿੱਤੇ ਅਤੇ 8% ਡੀ ਏ ਲਾ ਕੇ ਦੁਬਾਰਾ ਪੈਨਸ਼ਨ ਬਣਾਉਣ ਲਈ ਕਿਹਾ। ਉਹਨਾਂ ਕਿਹਾ ਕਿ ਐਮ ਡੀ ਸਾਹਿਬਾ ਨੇ ਵਿਸ਼ਵਾਸ ਦਵਾਇਆ ਹੈ ਕਿ ਥੋੜੇ ਸਮੇਂ ਦੇ ਅੰਦਰ ਅੰਦਰ ਹੀ ਤੁਹਾਡੇ ਬਕਾਇਆਂ ਦੀ ਅਦਾਇਗੀ ਸ਼ੁਰੂ ਕਰ ਦਿੱਤੀ ਜਾਵੇਗੀ। ਉਹਨਾਂ ਨੇ ਹਰ ਮਹੀਨੇ ਐਸੋਸੀਏਸ਼ਨ ਨਾਲ ਮੀਟਿੰਗ ਕਰਨ ਦਾ ਵੀ ਭਰੋਸਾ ਦਵਾਇਆ ਤਾਂ ਕਿ ਆਉਂਦੀਆ ਸਮੱਸਿਆਵਾਂ ਦਾ ਯੋਗ ਹੱਲ ਕੱਢਿਆ ਜਾ ਸਕੇ।ਕੰਗਣਵਾਲ ਨੇ ਸਮੁੱਚੇ ਪੈਨਸ਼ਨਰਾਂ ਨੂੰ ਏਕਾ ਬਣਾਈ ਰੱਖਣ 'ਤੇ ਜ਼ੋਰ ਦਿੱਤਾ। ਸਕੱਤਰ ਜਨਰਲ ਹਰੀ ਸਿੰਘ 'ਚਮਕ' ਨੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਕੇਂਦਰੀ ਬਾਡੀ ਦੇ ਹੱਥ ਮਜਬੂਤ ਕਰਨ ਲਈ ਕਿਹਾ।ਉਹਨਾਂ ਕਿਹਾ ਕਿ ਅਜਿਹਾ ਕੋਈ ਕੰਮ ਨਾ ਕੀਤਾ ਜਾਵੇ ਜਿਸ ਨਾਲ ਕੇਂਦਰੀ ਬਾਡੀ ਕਮਜ਼ੋਰ ਹੋਵੇ ।ਕੇਂਦਰੀ ਬਾਡੀ ਮਜਬੂਤ ਹੋਵੇਗੀ ਤਾਂ ਸਾਰੀਆਂ ਮੰਗਾਂ ਆਸਾਨੀ ਨਾਲ ਮਨਾਈਆਂ ਜਾ ਸਕਣਗੀਆਂ। ਉਹਨਾਂ ਨੇ ਬਕਾਇਆਂ ਦੀ ਅਦਾਇਗੀ ਦੇ ਨਾਲ ਨਾਲ ਅਦਾਰੇ ਅੰਦਰ ਠੇਕੇ ਦੇ ਅਧਾਰ 'ਤੇ ਅਤੇ ਆਊਟ ਸੋਰਸਿੰਗ ਰਾਹੀਂ ਕੰਮ ਕਰਦੇ ਕਰਮਚਾਰੀਆਂ ਨੂੰ ਪੱਕਾ ਕਰਨ ਦੀ ਵੀ ਮੰਗ ਕੀਤੀ।

ਬਹੁਤ ਹੀ ਪ੍ਰਭਾਵਸ਼ਾਲੀ ਇਸ ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਮੁਕੰਦ ਸਿੰਘ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਕੁਝ ਧਾਰਮਿਕ ਉਦਹਾਰਣਾਂ ਦੇ ਕੇ ਏਕਾ ਬਣਾਈ ਰੱਖਣ 'ਤੇ ਜ਼ੋਰ ਦਿੱਤਾ। ਉਹਨਾਂ ਕਿਹਾ ਕਿ ਕੁਝ ਸ਼ਰਾਰਤੀ ਅਨਸ਼ਰ ਵਿਰੋਧੀ ਤਾਕਤਾਂ ਦੇ ਇਸ਼ਾਰਿਆਂ 'ਤੇ ਐਸੋਸੀਏਸ਼ਨ ਵਿੱਚ ਫੁੱਟ ਪਾਉਣ ਦੀ ਕੋਸ਼ਿਸ਼ ਕਰ ਰਹੇ ਹਨ ਜਿਨਾਂ ਨੂੰ ਕਿਸੇ ਵੀ ਸੂਰਤ ਵਿੱਚ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ।ਉਹਨਾ ਨੇ ਅਕਤੂਬਰ ਦੀ ਪੈਨਸ਼ਨ ਦੀਵਾਲੀ ਤੋਂ ਪਹਿਲਾਂ ਪਾਉਣ ਦੀ ਮੰਗ ਕੀਤੀ ਤਾਂ ਕਿ ਇਹ ਤਿਉਹਾਰ ਖੁਸ਼ੀ ਨਾਲ ਮਨਾਇਆ ਜਾ ਸਕੇ।

ਉਹਨਾਂ ਪੰਜਾਬ ਸਰਕਾਰ ਤੇ ਮੈਨੇਜਮੈਂਟ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਸਾਡੇ ਰਹਿੰਦੇ ਬਕਾਇਆਂ ਦੀ ਤੁਰੰਤ ਅਦਾਇਗੀ ਕੀਤੀ ਜਾਵੇ ਤਾਂ ਕਿ ਸਾਨੂੰ ਬੁਢਾਪੇ ਵੇਲੇ ਕੋਈ ਸਖਤ ਕਦਮ ਚੁੱਕਣ ਲਈ ਮਜਬੂਰ ਨਾ ਹੋਣਾ ਪਵੇ। ਇਸ ਮੌਕੇ 'ਤੇ, ਮਾਨਸਾ ਵਿਖੇ ਪਰਮਿੰਦਰ ਸਿੰਘ ਝੋਟੇ ਦੇ ਕਤਲ ਦੀ ਨਿਖੇਧੀ ਕਰਦਿਆਂ ਉਹਨਾਂ ਨੂੰ ਸ਼ਰਧਾਂਜਲੀ ਅਰਪਣ ਕੀਤੀ ਗਈ ਅਤੇ ਪੰਜਾਬ ਵਿੱਚ ਨਸ਼ਿਆਂ ਨੂੰ ਨੱਥ ਪਾਉਣ ਲਈ ਦੀ ਵੀ ਮੰਗ ਕੀਤੀ ਗਈ। ਉਪਰੋਕਤ ਤੋਂ ਇਲਾਵਾ ਇਸ ਮੀਟਿੰਗ ਨੂੰ ਸਰਵਸ੍ਰੀ ਜਲੌਰ ਸਿੰਘ ਫਰੀਦਕੋਟ, ਰਘਵੀਰ ਸਿੰਘ ਬੁਢਲਾਡਾ, ਗੋਪਾਲ ਕ੍ਰਿਸ਼ਨ ਮੌੜ ਬਠਿੰਡਾ, ਕੁਲਵਿੰਦਰ ਸਿੰਘ ਬਰਨਾਲਾ, ਉਪਕਾਰ ਸਿੰਘ ਸੰਗਰੂਰ, ਹਰਭਜਨ ਸਿੰਘ ਚੰਡੀਗੜ੍ਹ, ਜੋਗਿੰਦਰ ਸਿੰਘ ਪਟਿਆਲਾ ਅਤੇ ਵਾਈਸ ਚੇਅਰਮੈਨ ਕੇਂਦਰੀ ਬਾਡੀ ਬਚਿੱਤਰ ਸਿੰਘ ਲੁਧਿਆਣਾ ਨੇ ਵੀ ਸੰਬੋਧਨ ਕੀਤਾ। ਵੱਖ-ਵੱਖ ਬੁਲਾਰਿਆਂ ਨੇ ਕੇਂਦਰੀ ਬਾਡੀ ਦੀ ਕਾਰਗੁਜ਼ਾਰੀ ਦੀ ਪ੍ਰਸੰਸਾ ਕਰਦਿਆਂ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਵਾਇਆ। ਇਸ ਮੀਟਿੰਗ ਨੂੰ ਕਾਮਯਾਬ ਕਰਨ ਲਈ ਸਰਵ ਸ੍ਰੀ ਬਖਸ਼ੀਸ਼ ਸਿੰਘ ਦਫਤਰ ਸਕੱਤਰ, ਸੂਰਜ ਭਾਨ ਜਨਰਲ ਸਕੱਤਰ ਪਟਿਆਲਾ ਡਿਪੂ, ਸੰਤੋਸ਼ ਕ੍ਰਿਸ਼ਨ ਚਪੜ, ਅਮੋਲਕ ਸਿੰਘ ਕੈਸ਼ੀਅਰ ਕੇਂਦਰੀ ਬਾਡੀ, ਬਲਵੰਤ ਸਿੰਘ ਕੈਸ਼ੀਅਰ ਪਟਿਆਲਾ ਡਿਪੂ, ਲਲਕਾਰ ਸਿੰਘ ਟਿਵਾਣਾ, ਦਵਿੰਦਰ ਸਿੰਘ ਟਿਵਾਣਾ, ਬਲਰਾਜ ਸਿੰਘ ਟਿਵਾਣਾ, ਬਲਵੀਰ ਸਿੰਘ ਬੁੱਟਰ, ਗੁਰਦੀਪ ਸਿੰਘ, ਘੋਲਾ ਸਿੰਘ ਡੰਡੋਆ, ਮਲਕੀਤ ਸਿੰਘ, ਰਮੇਸ਼ਵਰ ਦਿਆਲ, ਮਨਜੀਤ ਸਿੰਘ ,ਬਲਵੀਰ ਸਿੰਘ ਗਲੌਂਡਰ ਅਤੇ ਨਿਰਪਾਲ ਸਿੰਘ ਨੇ ਵੀ ਭਰਪੂਰ ਯੋਗਦਾਨ ਪਾਇਆ। ਸਟੇਜ ਦੀ ਡਿਊਟੀ ਹਰੀ ਸਿੰਘ 'ਚਮਕ' ਸਕੱਤਰ ਜਨਰਲ ਨੇ ਬਾਖੂਬੀ ਨਿਭਾਈ।

## ਕਾਂਗਰਸ ਵੱਲੋਂ ਪੰਜਾਬ 'ਚ ਸਰਕਾਰ ਬਣਨ 'ਤੇ ਸਾਰੀਆਂ ਸਬਸਿਡੀਆਂ ਕੀਤੀਆਂ ਜਾਣਗੀਆਂ ਬੰਦ: ਅਮਨ ਅਰੋੜਾ

**ਚੰਡੀਗੜ੍ਹ 23 ਅਕਤੂਬਰ**
**-ਛਤਰਪਾਲ ਸਿੰਘ-**

ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਨ ਉੱਤੇ ਕਾਂਗਰਸ ਵੱਲੋਂ ਸਾਰੀਆਂ ਸਬਸਿਡੀਆਂ ਬੰਦ ਕਰ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਇਹ ਦਾਅਵਾ ਪਿਛਲੇ ਦਿਨੀਂ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਇੱਕ ਟੀਵੀ ਇੰਟਰਵਿਊ ਦੌਰਾਨ ਕੀਤਾ ਗਿਆ ਹੈ, ਜਿਸ ਵਿੱਚ ਉਨ੍ਹਾਂ ਕਿਹਾ ਕਿ ਸਬਸਿਡੀਆਂ ਸਾਰਿਆਂ ਨੂੰ ਨਹੀਂ ਦਿੱਤੀਆਂ ਜਾਣੀਆਂ ਚਾਹੀਦੀਆਂ।

ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ 22 ਹਜ਼ਾਰ ਕਰੋੜ ਰੁਪਏ ਦੀਆਂ ਸਬਸਿਡੀਆਂ ਦਿੱਤੀਆਂ ਜਾ ਰਹੀਆਂ ਹਨ, ਪਰ ਕਾਂਗਰਸ ਪਾਰਟੀ ਉਨ੍ਹਾਂ ਨੂੰ ਬੰਦ ਕਰਨ ਦੇ ਦਾਅਵੇ ਕਰ ਰਹੀ ਹੈ।

ਇਸ ਬਾਰੇ ਰਾਹੁਲ ਗਾਂਧੀ ਅਤੇ ਮੱਲਿਕਾਰਜੁਨ ਖੜਗੇ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਪੰਜਾਬ ਵਿੱਚ ਸਬਸਿਡੀਆਂ ਜਾਰੀ ਰਹਿਣਗੀਆਂ ਜਾਂ ਇਸ ਨੂੰ ਬੰਦ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕਾਂਗਰਸੀ ਆਗੂਆਂ ਨੂੰ ਉਂਝ ਤਾਂ ਸਬਸਿਡੀਆਂ ਮਾੜੀਆਂ ਲੱਗ ਰਹੀਆਂ ਹਨ, ਪਰ ਪੰਜਾਬ ਦੇ ਕਿਸੇ ਵੀ ਕਾਂਗਰਸੀ ਆਗੂ ਨੇ ਮੁਫ਼ਤ ਬਿਜਲੀ ਜਾਂ ਉਨ੍ਹਾਂ ਦੇ ਪਰਿਵਾਰਾਂ ਦੀਆਂ ਔਰਤਾਂ ਨੇ ਇੱਕ ਹਜ਼ਾਰ ਰੁਪਏ ਮਹੀਨਾ ਲੈਣ ਤੋਂ ਇਨਕਾਰ ਨਹੀਂ ਕੀਤਾ ਹੈ।

ਅਮਨ ਅਰੋੜਾ ਨੇ ਪਰਵਿੰਦਰ ਸਿੰਘ ਝੋਟਾ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਉਸ ਦੇ ਪਿਤਾ ਦੀ ਮੰਗ ਅਨੁਸਾਰ ਝੋਟਾ ਦੇ ਕਤਲ ਮਾਮਲੇ ਦੀ ਜਾਂਚ ਸੀ.ਬੀ.ਆਈ. ਨੂੰ ਸੌਂਪ ਦਿੱਤੀ ਹੈ। ਸੀ.ਬੀ.ਆਈ. ਨੇ ਉਕਤ ਮਾਮਲੇ ਵਿੱਚ ਜਾਂਚ ਵੀ ਸ਼ੁਰੂ ਕਰ ਦਿੱਤੀ ਹੈ, ਤਾਂ ਫਿਰ ਹੁਣ ਝੋਟਾ ਦੀ ਮ੍ਰਿਤਕ ਦੇਹ ਨੂੰ ਰੋਲਣ ਦਾ ਕੋਈ ਫ਼ਾਇਦਾ ਨਹੀਂ ਹੈ। ਉਨ੍ਹਾਂ ਕਿਹਾ ਕਿ ਰਾਜਸੀ ਪਾਰਟੀਆਂ ਵੱਲੋਂ ਝੋਟਾ ਦੀ ਮੌਤ ਉੱਤੇ ਸਿਆਸਤ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਦੋਂ ਕਿ ਸੂਬਾ ਸਰਕਾਰ ਕਾਤਲਾਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਕਰ ਰਹੀ ਹੈ।


